ਰੋਜ਼ਾਨਾ
ਲੋਕ ਬਾਣੀ
ਨੂੰ ਪੱਤਰਕਾਰਾਂ ਦੀ ਲੋੜ
99155-94111



ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR ਮੁੱਖ ਸੰਪਾਦਕ : ਅਮਨਦੀਪ ਮਹਿਰਾ ਬੁੱਧਵਾਰ, 03 ਜੁਲਾਈ 2024

R. N. I. Punpun/29016/2008 ✶ ਸਾਲ 16 , ✶ ਅੰਕ : 30, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111







## ਅਸਾਮ ਵਿੱਚ ਹੜ ਨੇ ਮਚਾਈ ਤਬਾਹੀ

ਅਸਾਮ (ਲੋਕ ਬਾਣੀ)- ਅਸਾਮ ਵਿਚ ਹੜ੍ਹ ਕਾਰਨ ਬਣੀ ਗੰਭੀਰ ਸਥਿਤੀ ਕਾਰਨ 6.5 ਲੱਖ ਲੋਕ ਪ੍ਰਭਵਿਤ ਹੋਏ ਹਨ। ਇਕ ਅਧਿਕਾਰੀ ਨੇ ਦੱਸਿਆ ਕਿ ਭਾਰਤੀ ਹਾਵਈ ਸੈਨਾ ਦੇ ਜਵਾਨਾਂ ਨੇ ਡਿਬਰੂਗੜ੍ਹ ਜ਼ਿਲ੍ਹੇ ਵਿਚ ਫਸੇ 13 ਮਛੇਰਿਆਂ ਨੂੰ ਬਚਾਇਆ ਹੈ। ਆਫ਼ਤ ਪ੍ਰਬੰਧਨ ਅਧਿਕਾਰੀਆਂ ਨੇ ਦੱਸਿਆ ਕਿ ਮੌਜੂਦਾ ਹੜ੍ਹਾਂ ਕਾਰਨ ਡਿਬਰੂਗੜ੍ਹ ਜ਼ਿਲ੍ਹਾ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ, ਇਹ ਖੇਤਰ ਲਗਾਤਾਰ ਛੇਵੇਂ ਦਿਨ ਵੀ ਪਾਣੀ ਵਿਚ ਡੁੱਬਿਆ ਹੋਇਆ ਹੈ। ਮੁੱਖ ਮੰਤਰੀ ਹਿਮੰਤ ਵਿਸ਼ਵ ਸ਼ਰਮਾ ਨੇ ਕਿਹਾ ਬ੍ਰਹਮਪੁੱਤਰ ਨਦੀ ਖਤਰੇ ਦੇ ਨਿਸ਼ਾਨ ਤੋਂ ਉੱਪਰ ਵਹਿ ਰਹੀ ਹੈ



ਅਤੇ ਮਸ਼ੀਨਾਂ ਰਾਹੀਂ ਸ਼ਹਿਰ ਵਿਚੋਂ ਪਾਣੀ ਕੱਢਣਾ ਸੰਭਵ ਨਹੀਂ ਹੈ। ਜ਼ਿਕਰਯੋਗ ਹੈ ਕਿ ਸੂਬੇ ਵਿਚ ਹੜ੍ਹਾਂ ਕਾਰਨ 19 ਜ਼ਿਲ੍ਹਿਆਂ ਵਿਚ ਸਾਢੇ ਛੇ ਲੱਖ ਤੋਂ ਜ਼ਿਆਦਾ ਲੋਕ ਪ੍ਰਭਾਵਿਤ ਹੋਏ ਹਨ।

## ਸਤਸੰਗ ਚ ਵਾਪਰੇ ਵੱਡੇ ਹਾਦਸੇ ਤੋਂ ਬਾਅਦ ਬਾਬਾ ਫ਼ਰਾਰ

ਯੂਪੀ (ਲੋਕ ਬਾਣੀ) ਯੂਪੀ ਦੇ ਹਥਰਸ ਚ ਸਤਿਸੰਗ ਦੌਰਾਨ ਵਾਪਰੇ ਦਰਦਨਾਕ ਹਾਦਸੇ ਤੋਂ ਬਾਅਦ ਕਥਾ ਵਾਚਕ ਬਾਬਾ ਜ਼ੋ ਕਿ ਸਰਕਾਰੀ ਨੌਕਰੀ ਛੱਡ ਕੇ ਬਾਬਾ ਬਣਿਆ ਸੀ ਇਸ ਹਾਦਸੇ ਤੋ ਬਾਅਦ ਮੌਕੇ ਤੋਂ ਫ਼ਰਾਰ ਦਸਿਆ ਜਾ ਰਿਹਾ ਹੈ ਹਰ ਕਿਸੇ ਦੇ ਮਨ ਚ ਸਵਾਲ ਹੈ ਕਿ ਉਹ ਬਾਬਾ ਕੌਣ ਹੈ ਜਿਸ ਦੇ ਪ੍ਰੋਗਰਾਮ ਚ ਇੰਨੇ ਵੱਡੇ ਪੱਧਰ ਤੇ ਲੋਕ ਇਕੱਠੇ ਹੋਏ ਅਤੇ ਹਾਦਸੇ ਦਾ ਸ਼ਿਕਾਰ ਹੋ ਗਏ। ਤੁਹਾਡੀ ਜਾਣਕਾਰੀ ਲਈ ਤੁਹਾਨੂੰ ਦੱਸ ਦੇਈਏ ਕਿ ਇਹ ਸਤਿਸੰਗ



ਪ੍ਰੋਗਰਾਮ ਸਾਕਰ ਵਿਸ਼ਵ ਹਰੀ ਭੋਲੇ ਬਾਬਾ ਦੁਆਰਾ ਕਰਵਾਇਆ ਜਾ ਰਿਹਾ ਸੀ, ਅਨੁਯਾਈ ਉਨ੍ਹਾਂ ਨੂੰ ਭੋਲੇ ਬਾਬਾ ਕਹਿੰਦੇ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਹਾਦਸੇ ਤੋਂ ਬਾਅਦ ਬਾਬੇ ਬਾਰੇ ਕੋਈ ਜਾਣਕਾਰੀ ਨਹੀਂ ਹੈ।

## ਲਾਲੂ ਯਾਦਵ ਤੇ ਰਾਬੜੀ ਦੇਵੀ ਲਈ ਆਈ ਚੰਗੀ ਖਬਰ

ਦਿੱਲੀ, (ਲੋਕ ਬਾਣੀ) ਲਾਲੂ ਪ੍ਰਸਾਦ ਰਾਬੜੀ ਦੇਵੀ ਦੇ ਨਾਲ 2010 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੋਟ ਪਾਉਣ ਲਈ ਏਅਰਪੋਰਟ ਨੇੜੇ ਪੋਲਿੰਗ ਸਟੇਸ਼ਨ ਗਏ ਸਨ। ਇਲਜ਼ਾਮ ਸੀ ਕਿ ਉਸਨੇ ਆਪਣੀ ਗੱਡੀ ਪੋਲਿੰਗ ਸਟੇਸ਼ਨ ਦੇ 100 ਮੀਟਰ ਦੇ ਪਾਬੰਦੀਸ਼ੁਦਾ ਖੇਤਰ ਵਿੱਚ ਭਜਾ ਦਿੱਤੀ। ਇਸ ਨਾਲ ਚੋਣ ਜ਼ਾਬਤੇ ਦੀ ਉਲੰਘਣਾ ਹੋਈ ਹੈ।ਦੋਵਾਂ ਖ਼ਿਲਾਫ਼ ਪਟਨਾ ਏਅਰਪੋਰਟ ਥਾਣੇ ਵਿੱਚ ਐਫਆਈਆਰ (190/2010) ਦਰਜ ਕੀਤੀ ਗਈ ਸੀ। ਹਾਈਕੋਰਟ



ਨੇ ਮਾਮਲੇ ਦੀ ਜਾਂਚ ਕਰਨ ਤੋਂ ਬਾਅਦ ਉਸ ਦੇ ਖਿਲਾਫ ਦਰਜ ਐੱਫ.ਆਈ.ਆਰ. ਲਾਲੂ-ਰਾਬੜੀ ਦੇ ਸੀਨੀਅਰ ਵਕੀਲਾਂ ਯਦੁਵੰਸ਼ ਗਿਰੀ, ਆਸ਼ੀਸ਼ ਗਿਰੀ ਅਤੇ ਪ੍ਰਣਵ ਕੁਮਾਰ ਨੇ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਵਿਰੁੱਧ ਕੋਈ ਕੇਸ ਨਹੀਂ ਬਣਦਾ ਤੇ ਇਹ ਕੇਸ ਖਾਰਜ ਕਰ ਦਿੱਤਾ ਗਿਆ

## ਹਾਥਰਸ ਦੇ ਧਾਰਮਿਕ ਸਮਾਗਮ ਦੌਰਾਨ ਹੋਏ ਹਾਦਸੇ ਵਿੱਚ ਮਰਨ ਵਾਲਿਆਂ ਦੀ ਗਿਣਤੀ 130 ਤੋਂ ਵੱਧੀ

ਹਾਥਰਸ (ਲੋਕ ਬਾਣੀ) ਹਾਥਰਸ ਸਿਕੰਦਰਰਾਉ ਤੋਂ ਏਟਾ ਰੋਡ ਤੇ ਸਥਿਤ ਪਿੰਡ ਫੁੱਲਰਾਈ ਚ ਸਤਿਸੰਗ ਤੋਂ ਬਾਅਦ ਵੱਡਾ ਹਾਦਸਾ ਵਾਪਰ ਗਿਆ। ਸਤਿਸੰਗ ਖਤਮ ਹੋਣ ਤੋਂ ਬਾਅਦ ਭੀੜ ਨੂੰ ਬਾਬੇ ਦੇ ਕਾਫਲੇ ਨੂੰ ਬਾਹਰ ਕੱਢਣ ਲਈ ਇੱਕ ਹਿੱਸੇ ਤੋਂ ਰੋਕ ਦਿੱਤਾ ਗਿਆ ਅਤੇ ਭਗਦੜ ਮੱਚ ਗਈ। ਇਸ ਚ 130 ਤੋਂ ਜ਼ਿਆਦਾ ਲੋਕਾਂ ਦੀ ਮੌਤ ਹੋ ਚੁੱਕੀ ਹੈ, ਕਈਆਂ ਦੀ



ਹਾਲਤ ਅਜੇ ਵੀ ਗੰਭੀਰ ਦੱਸੀ ਜਾ ਰਹੀ ਹੈ। ਅਜਿਹੇ ਚ ਇਹ ਗਿਣਤੀ ਹੋਰ ਵਧ ਸਕਦੀ ਹੈ।

## ਲੁਧਿਆਣਾ ਚ ਰਿਸ਼ਵਤ ਮਾਮਲੇ ਵਿਚ ਸਹਾਇਕ ਸਬ ਇੰਸਪੈਕਟਰ ਨਾਮਜ਼ਦ


ਲੁਧਿਆਣਾ( ਸੁਖਚੈਨ ਮਹਿਰਾ ) ਵਿਜੀਲੈਂਸ ਬਿਊਰੋ ਵਲੋਂ ਥਾਣਾ ਡਵੀਜ਼ਨ ਨੰਬਰ 5 ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏ. ਐਸ.ਆਈ.) ਚਰਨਜੀਤ ਸਿੰਘ ਵਿਰੁੱਧ 2 ਲੱਖ 70 ਹਜ਼ਾਰ ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਭ੍ਰਿਸ਼ਟਾਚਾਰ ਦਾ ਮੁਕੱਦਮਾ ਦਰਜ ਕੀਤਾ ਹੈ। ਜਦਕਿ ਥਾਣੇ ਦੇ ਐਸ. ਐਚ. ਓ. ਦੀ ਭੂਮਿਕਾ ਬਾਰੇ ਵੀ ਅਧਿਕਾਰੀ ਜਾਂਚ ਕਰ ਰਹੇ ਹਨ। ਨਾਮਜ਼ਦ ਸਹਾਇਕ ਸਬ-




ਇੰਸਪੈਕਟਰ ਨੇ ਇਹ ਰਕਮ ਇਕ ਹੋਟਲ ਮਾਲਕ ਤੋਂ ਉਸ ਨੂੰ ਇਕ ਮੁਕਦਮੇ ਵਿਚ ਨਾਮਜ਼ਦ ਕਰਨ ਦੀ ਧਮਕੀ ਦੇ ਕੇ ਹਾਸਿਲ ਕੀਤੀ ਸੀ ਜਦਕਿ ਇਸ ਤੋਂ ਇਲਾਵਾ ਦੋ ਲੱਖ ਰੁਪਏ ਮਹੀਨੇ ਦੀ ਵੀ ਮੰਗ ਕੀਤੀ।

## ਪਤੀ ਨੂੰ ਪਤਨੀ ਤੇ ਆਇਆ ਗੁੱਸਾ ਕਰ ਤਾਂ ਪਤਨੀ ਦਾ ਕਤਲ

ਮਾਨਸਾ( ਲੋਕ ਬਾਣੀ) -ਕਹਿੰਦੇ ਹਨ ਗੁਸੇ ਚ ਇਨਸਾਨ ਅੰਨਾ ਹੋ ਜਾਂਦਾ ਹੈ ਇਸੇ ਤਰ੍ਹਾਂ ਹੋਇਆ ਮਾਨਸਾ ਨੇੜਲੇ ਪਿੰਡ ਕੋਟਲੀ ਕਲਾਂ ਵਿਖੇ ਜਿਥੇ ਪਤੀ ਵਲੋਂ ਪਤਨੀ ਦਾ ਕਤਲ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਬਿੱਕਰ ਸਿੰਘ ਦਾ ਆਪਣੀ ਪਤਨੀ ਵੀਰਪਾਲ ਕੌਰ (37) ਨਾਲ ਕਿਸੇ ਗੱਲੋਂ ਝਗੜਾ ਹੋ ਗਿਆ। ਕਥਿਤ




ਦੋਸ਼ੀ ਨੇ ਗ਼ੁੱਸੇ ਚ ਆ ਕੇ ਉਸ ਦੇ ਸਿਰ ਚ ਕਹੀ ਦੇ ਵਾਰ ਕਰਕੇ ਬੇਰਹਿਮੀ ਨਾਲ ਮਾਰ ਦਿੱਤਾ। ਮ੍ਰਿਤਕਾ 2 ਬੱਚਿਆਂ ਦੀ ਮਾਂ ਸੀ ਇਸ ਖਬਰ ਨਾਲ ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਹੈ

## ਪੰਜਾਬ ਵਿੱਚ ਬਗੈਰ ਨਾਗਾਂ ਇਕ ਹੋਰ ਨੋਜਵਾਨ ਦੀ ਨਸ਼ੇ ਕਾਰਨ ਹੋਈ ਮੌਤ


ਬਠਿੰਡਾ,( ਲੋਕ ਬਾਣੀ) ਪੰਜਾਬ ਵਿੱਚ ਨਹੀਂ ਰੁਕ ਰਹੀ ਨਸ਼ੇ ਕਾਰਨ ਮਰਨ ਵਾਲਿਆਂ ਦੀ ਗਿਣਤੀ ਬਠਿੰਡਾ ਦੀ ਗੋਨਿਆਣਾ ਮੰਡੀ ਚ ਨਸ਼ੇ ਦੀ ਵੱਧ ਮਾਤਰਾ ਕਾਰਨ ਇਕ ਨੌਜਵਾਨ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਨੌਜਵਾਨ ਦੀ ਲਾਸ਼ ਗੋਨਿਆਣਾ ਮੰਡੀ ਦੇ ਰਾਮਬਾਗ ਦੇ ਪਿੱਛੇ ਪਈ ਹੋਈ ਸੀ ਜਿਸ ਤੋਂ ਸਾਫ ਪਤਾ ਚੱਲਦਾ ਹੈ ਕਿ ਨੌਜਵਾਨ ਨੇ ਨਸ਼ੇ ਦੀ ਓਵਰਡੋਜ਼ ਲੈ ਲਈ ਜਿਸ ਕਾਰਨ ਉਸ ਦੀ ਮੌਤ ਹੋ ਗਈ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਲਾਸ਼ ਨੂੰ ਸਿਵਲ ਹਸਪਤਾਲ ਬਠਿੰਡਾ ਵਿਖੇ ਰੱਖਿਆ ਗਿਆ ਹੈ। ਜ਼ਿਕਰਯੋਗ ਕਹਿ ਕੇ ਬਠਿੰਡਾ ਜ਼ਿਲ੍ਹੇ ਅੰਦਰ ਇਕ ਹਫਤੇ ਚ ਛੇ ਨੌਜਵਾਨ ਨਸ਼ੇ ਦੀ ਓਵਰਡੋਜ਼



ਨਾਲ ਆਪਣੀ ਜਾਨ ਗਵਾ ਚੁੱਕੇ ਹਨ।

## ਛੱਤੀਸਗੜ੍ਹ ਵਿਚ ਸੁਰੱਖਿਆ ਬਲਾਂ ਨੇ ਪੰਜ ਨਕਸਲੀ ਮਾਰੇ

ਛੱਤੀਸਗੜ੍ਹ, ( ਲੋਕ ਬਾਣੀ) ਜੁਲਾਈ-ਨਰਾਇਣਪੁਰ ਜ਼ਿਲ੍ਹੇ ਦੇ ਕੋਹਕਾਮੇਟਾ ਥਾਣਾ ਖੇਤਰ ਵਿਚ ਸੁਰੱਖਿਆ ਬਲਾਂ ਨਾਲ ਮੁਕਾਬਲੇ ਵਿਚ ਪੰਜ ਨਕਸਲੀ ਮਾਰੇ ਗਏ। ਸਰਚ ਆਪ੍ਰੇਸ਼ਨ ਜਾਰੀ ਹੈ। ਨਰਾਇਣਪੁਰ ਪੁਲਿਸ



ਨੇ ਇਹ ਸਾਰੀ ਜਾਣਕਾਰੀ ਦਿੱਤੀ।

## 5 ਕਿੱਲੋ ਹੈਰੋਇਨ ਸਮੇਤ ਨਸ਼ਾ ਤਸਕਰ ਕਾਬੂ ਕੀਤਾ

ਚੰਡੀਗੜ੍ਹ ( ਲੋਕ ਬਾਣੀ) ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਪਰਦਾਫ਼ਾਸ਼ ਕਰਦਿਆਂ ਪੰਜਾਬ ਪੁਲੀਸ ਨੇ ਇਕ ਵਿਅਕਤੀ ਨੂੰ 5 ਕਿੱਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਤਸਕਰ ਦੀ ਪਹਿਚਾਣ ਲਖਵਿੰਦਰ ਸਿੰਘ ਵਜੋਂ ਹੋਈ ਹੈ। ਉਨ੍ਹਾਂ ਕਿਹਾ



ਕਿ ਕਾਬੂ ਕੀਤਾ ਵਿਅਕਤੀ ਪਾਕਿਸਤਾਨੀ ਤਸਕਰ ਅਲੀ ਦੇ ਸਿੱਧੇ ਸੰਪਰਕ ਵਿਚ ਸੀ ਅਤੇ ਨਸ਼ੇ ਦੀ ਖੇਪ ਲਈ ਡਰੋਨਾਂ ਦੀ ਵਰਤੋ ਕੀਤੀ ਜਾ ਰਹੀ ਸੀ।




# ਨਹਿਰ 'ਚੋਂ ਮਿਲੀ ਸੇਵਾਮੁਕਤ ਜੱਜ ਦੀ ਲਾਸ਼, ਫ਼ੈਲੀ ਸਨਸਨੀ

ਉੱਤਰ ਪ੍ਰਦੇਸ਼ (ਲੋਕ ਬਾਣੀ)- ਉੱਤਰ ਪ੍ਰਦੇਸ਼ ਤੋਂ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ। ਹਾਪੁੜ 'ਚ ਇਕ ਸੇਵਾਮੁਕਤ ਜੱਜ ਦੀ ਲਾਸ਼ ਨਹਿਰ 'ਚ ਤੈਰਦੀ ਮਿਲੀ, ਜਿਸ ਨਾਲ ਪੂਰੇ ਇਲਾਕੇ 'ਚ ਸਨਸਨੀ ਫੈਲ ਗਈ।

ਦੱਸਿਆ ਜਾ ਰਿਹਾ ਹੈ ਕਿ ਉਹ 4 ਦਿਨ ਪਹਿਲਾਂ ਘਰੋਂ ਰਹੱਸਮਈ ਢੰਗ ਨਾਲ ਗਾਇਬ ਹੋ ਗਿਆ ਸੀ। ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚੀ ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ।



ਰਵੀ ਮਲਹੋਤਰਾ ਮੂਲ ਰੂਪ ਵਿੱਚ ਮੇਰਠ ਦਾ ਰਹਿਣ ਵਾਲਾ ਸੀ ਅਤੇ ਜੱਜ ਦੇ ਅਹੁਦੇ ਤੋਂ ਸੇਵਾਮੁਕਤ ਹੋਇਆ ਸੀ। ਦੱਸਿਆ ਜਾ ਰਿਹਾ ਹੈ ਕਿ ਰਵੀ ਮਲਹੋਤਰਾ ਚਾਰ ਦਿਨ ਪਹਿਲਾਂ ਅਚਾਨਕ ਘਰੋਂ ਗਾਇਬ ਹੋ ਗਿਆ ਸੀ।
ਪਰਿਵਾਰਕ ਮੈਂਬਰਾਂ ਨੇ ਉਸ ਦੀ ਕਾਫੀ ਭਾਲ ਕੀਤੀ ਪਰ ਉਹ ਨਹੀਂ ਮਿਲਿਆ।
ਢੋਲਣਾ ਥਾਣਾ ਖੇਤਰ ਦੇ ਡੇਹਰਾ ਦੀ ਝਾਲ ਨਹਿਰ 'ਚ ਕੁਝ ਲੋਕਾਂ ਨੇ ਇਕ ਲਾਸ਼ ਨੂੰ ਹੇਠਾਂ ਸੁੱਟਿਆ ਦੇਖਿਆ, ਜਿਸ ਕਾਰਨ ਉਨ੍ਹਾਂ 'ਚ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ।

ਲੋਕਾਂ ਨੇ ਲਾਸ਼ ਨੂੰ ਨਹਿਰ 'ਚੋਂ ਬਾਹਰ ਕੱਢਿਆ

ਸਥਾਨਕ ਲੋਕਾਂ ਨੇ ਕਿਸੇ ਤਰ੍ਹਾਂ ਲਾਸ਼ ਨੂੰ ਨਹਿਰ 'ਚੋਂ ਬਾਹਰ ਕੱਢਿਆ ਅਤੇ ਥਾਣਾ ਧੌਲਾਣਾ ਦੀ ਪੁਲਸ ਨੂੰ ਸੂਚਨਾ ਦਿੱਤੀ। ਸੂਚਨਾ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਦੀ ਪਛਾਣ ਮੇਰਠ ਦੇ ਸੇਵਾਮੁਕਤ ਜੱਜ ਰਵੀ ਮਲਹੋਤਰਾ ਦੀ ਹੈ।
ਪੁਲਿਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਹੁਣ ਸੇਵਾਮੁਕਤ ਜੱਜ ਦੀ ਮੌਤ ਦੇ ਅਸਲ ਕਾਰਨਾਂ ਦਾ ਪਤਾ ਪੋਸਟ ਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਲੱਗੇਗਾ।
ਇਸ ਸਬੰਧੀ ਪਿਲਖੁਵਾ ਦੇ ਸੀਓ ਤ੍ਰਿਪਤੀ ਸਿੰਘ ਨੇ ਦੱਸਿਆ ਕਿ ਸੇਵਾਮੁਕਤ ਜੱਜ ਦੀ ਕਾਰ ਮੇਰਠ ਦੇ ਡੇਹਰਾ ਝੱਲ ਵਿਖੇ ਨਹਿਰ ਦੇ ਕੰਢੇ ਪਈ ਮਿਲੀ। ਉਸ ਦੀ ਕਾਰ ਉਥੇ ਹੀ ਖੜ੍ਹੀ ਸੀ। ਉਹ ਪਿਛਲੇ 4 ਦਿਨਾਂ ਤੋਂ ਘਰੋਂ ਲਾਪਤਾ ਸੀ। ਸੇਵਾਮੁਕਤ ਜੱਜ ਦੀ ਲਾਸ਼ ਮਿਲਣ ਸਬੰਧੀ ਪਰਿਵਾਰਕ ਮੈਂਬਰਾਂ ਨੂੰ ਸੂਚਨਾ ਦਿੱਤੀ ਗਈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਇਹ ਕਤਲ ਹੈ ਜਾਂ ਖੁਦਕੁਸ਼ੀ ? ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਕਾਰਨ ਸਪੱਸ਼ਟ ਹੋਵੇਗਾ।

# ਨਿਹੰਗ ਸਿੰਘ ਦਾ ਬੇਰਹਿਮੀ ਨਾਲ ਕਤਲ

ਬਰਨਾਲਾ (ਲੋਕ ਬਾਣੀ) ਪੰਜਾਬ ਦੇ ਬਰਨਾਲਾ ਜ਼ਿਲੇ 'ਚ ਇਕ ਨਿਹੰਗ ਦਾ ਕਤਲ ਕਰ ਦਿੱਤਾ ਗਿਆ, ਜਿਸ ਕਾਰਨ ਪੂਰੇ ਪਿੰਡ 'ਚ ਡਰ ਦਾ ਮਾਹੌਲ ਹੈ। ਹਮਲਾਵਰਾਂ ਨੇ ਘਰ 'ਚ ਇਕੱਲੇ ਰਹਿ ਰਹੇ ਨਿਹੰਗ ਸਿੰਘ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਸੀ।



ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚੀ ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਪੁਲਿਸ ਹਰ ਪਹਿਲੂ ਤੋਂ ਮਾਮਲੇ ਦੀ ਜਾਂਚ ਕਰ ਰਹੀ ਹੈ।
ਇਹ ਘਟਨਾ ਬਰਨਾਲਾ ਦੇ ਪਿੰਡ ਕਾਹਨੇ ਦੀ ਹੈ। 48 ਸਾਲਾ ਮ੍ਰਿਤਕ ਨਿਹੰਗ ਸਿੰਘ ਗਿਆਨੀ ਗੁਰਦਿਆਲ ਸਿੰਘ ਉਰਫ ਜਸਵਿੰਦਰ ਸਿੰਘ ਆਪਣੇ ਘਰ ਇਕੱਲਾ ਰਹਿੰਦਾ ਸੀ। ਉਹ ਨਿਹੰਗ ਦੀ ਜਥੇਬੰਦੀ ਬੁੱਢਾ ਦਲ ਨਾਲ ਸਬੰਧਤ ਸੀ।
ਹਮਲਾਵਰਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਨਿਹੰਗ ਸਿੰਘ ਦੇ ਚਿਹਰੇ ਅਤੇ ਗਰਦਨ 'ਤੇ ਵਾਰ ਕਰਕੇ ਕਤਲ ਕਰ ਦਿੱਤਾ। ਘਟਨਾ ਦਾ ਪਤਾ ਸੋਮਵਾਰ ਸਵੇਰੇ ਪਿੰਡ ਵਾਸੀਆਂ ਨੂੰ ਲੱਗਾ। ਇਸ 'ਤੇ ਪਿੰਡ ਵਾਸੀਆਂ ਨੇ ਪੁਲੀਸ ਨੂੰ ਮਾਮਲੇ ਦੀ ਸੂਚਨਾ ਦਿੱਤੀ।

ਪੁਲਸ ਨੂੰ ਘਰ ਦੇ ਅੰਦਰ ਖੂਨ ਨਾਲ ਲੱਥਪੱਥ ਲਾਸ਼ ਮਿਲੀ। ਪੁਲਿਸ ਨੇ ਘਰ ਦੇ ਅੰਦਰ ਅਤੇ ਬਾਹਰ ਜਾਂਚ ਕੀਤੀ। ਪੁਲਸ ਦਾ ਕਹਿਣਾ ਹੈ ਕਿ ਮ੍ਰਿਤਕ ਦੇ ਚਿਹਰੇ ਅਤੇ ਗਰਦਨ 'ਤੇ ਕਈ ਵਾਰ ਚਾਕੂ ਮਾਰੇ ਗਏ ਸਨ।

ਪੁਲਿਸ-ਫੋਰੈਂਸਿਕ ਟੀਮਾਂ ਜਾਂਚ ਵਿੱਚ ਜੁਟੀਆਂ

ਪੁਲਿਸ ਨੇ ਮੌਕੇ 'ਤੇ ਫੋਰੈਂਸਿਕ ਟੀਮ ਨੂੰ ਵੀ ਬੁਲਾਇਆ। ਫੋਰੈਂਸਿਕ ਟੀਮ ਵੀ ਮੌਕੇ ਤੋਂ ਸਬੂਤ ਇਕੱਠੇ ਕਰ ਰਹੀ ਹੈ। ਪੁਲੀਸ ਨੇ ਅਣਪਛਾਤੇ ਖ਼ਿਲਾਫ਼ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਤੋਂ ਇਲਾਵਾ ਸੀਸੀਟੀਵੀ ਕੈਮਰਿਆਂ ਦੀ ਵੀ ਜਾਂਚ ਕੀਤੀ ਜਾ ਰਹੀ ਹੈ।
ਪਿੰਡ ਵਾਸੀਆਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਕੀ ਨਿਹੰਗ ਸਿੰਘ ਦੀ ਕਿਸੇ ਨਾਲ ਕੋਈ ਦੁਸ਼ਮਣੀ ਸੀ ਜਾਂ ਕੋਈ ਹੋਰ। ਰੂੜੇਕੇ ਕਲਾਂ ਥਾਣਾ ਦੇ ਇੰਚਾਰਜ ਦਾ ਕਹਿਣਾ ਹੈ ਕਿ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰ ਲਿਆ ਜਾਵੇਗਾ।

# ਸੀ.ਐਮ ਦੀ ਯੋਗਸ਼ਾਲਾ ਅਧੀਨ ਯੋਗਾ ਕਲਾਸਾਂ ਤੋ ਹਰ ਉਮਰ ਵਰਗ ਦੇ ਲੋਕਾਂ ਨੂੰ ਮਿਲ ਰਹੀ ਸਰੀਰਕ ਸਮੱਸਿਆਵਾਂ ਤੋਂ ਰਾਹਤ

ਮਾਲੇਰਕੋਟਲਾ (ਲੋਕ ਬਾਣੀ) ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਸੀਐਮ ਦੀ ਯੋਗਸ਼ਾਲਾ' ਦਾ ਉਪਰਾਲਾ ਮਾਲੇਰਕੋਟਲਾ ਦੇ ਹਰ ਵਰਗ ਦੀ ਅਵਾਮ (ਬਜ਼ੁਰਗਾਂ,ਨੌਜਵਾਨਾਂ ਅਤੇ ਬੱਚਿਆਂ ਆਦਿ) ਲਈ ਵਰਦਾਨ ਸਾਬਤ ਹੋ ਰਿਹਾ ਹੈ। ਇਨ੍ਹਾਂ ਯੋਗਾ ਕਲਾਸਾਂ ਵਿੱਚ ਉਨ੍ਹਾਂ ਨੂੰ ਕਈ ਤਰ੍ਹਾਂ ਦੀਆਂ ਸਰੀਰਕ ਅਤੇ ਮਾਨਸਿਕ ਸਮੱਸਿਆਵਾਂ ਤੋਂ ਛੁਟਕਾਰਾ ਮਿਲ ਰਿਹਾ ਹੈ। ਅਜਿਹਾ ਪ੍ਰਗਟਾਵਾ ਯੋਗਾ ਦੀਆਂ ਕਲਾਸਾਂ ਲਗਾ ਰਹੇ ਯੋਗ ਸਾਧਕਾਂ ਨੇ ਕੀਤਾ ।

ਯੋਗ ਸਾਧਕ ਜੋਤੀ,ਸੁਮਨ,ਪ੍ਰਵੀਨ ਦਾ ਕਹਿਣਾ ਹੈ ਕਿ ਬੁਢੜੀ ਉਮਰ ਵਿੱਚ ਸਭ ਤੋਂ ਵੱਡੀ ਸਮੱਸਿਆ ਪਿੱਠ ਦਰਦ, ਜੋੜਾਂ ਦੇ ਦਰਦ ਵਰਗੀਆਂ ਸਮੱਸਿਆ ਹੁੰਦੀ ਹੈ ਤੇ ਯੋਗ ਕਰਨ ਨਾਲ ਉਨ੍ਹਾਂ ਨੂੰ ਇਸ ਸਮੱਸਿਆ ਤੋਂ ਰਾਹਤ ਮਿਲੀ ਹੈ। ਖਾਲਸਾ ਸਕੂਲ ਗਰਲਜ,ਅਹਿਮਦਗੜ੍ਹ ਮੰਡੀ ਵਿਖੇ ਲੱਗਣ ਵਾਲੀਸੀਐਮ ਦੀ ਯੋਗਸ਼ਾਲਾ ਦੀਆਂ ਯੋਗ ਸਾਧਕ ਸ੍ਰੀਮਤੀ ਕਵੀਤਾ ,ਅੰਜੂ ਗੋਇਲ,ਨੀਲਮ,ਪੱਲਵੀ ਗਰਗ ਦੇ ਕਹਿਣ ਅਨੁਸਾਰ ਇਲਾਕੇ ਚ ਰਹਿਣ ਵਾਲੇ ਕਈ ਬਜ਼ੁਰਗ ਪਿਛਲੇ ਲੰਬੇ ਸਮੇਂ ਤੋਂ ਪਿੱਠ ਦਰਦ, ਜੋੜਾਂ ਦੇ ਦਰਦ ਅਤੇ ਉਮਰ ਨਾਲ ਜੁੜੀਆਂ ਹੋਰ ਸਮੱਸਿਆਵਾਂ ਤੋਂ ਪੀੜਤ ਸਨ। ਸੀਐਮ ਦੀ ਯੋਗਸ਼ਾਲਾ ਦੀਆਂ ਯੋਗਾ ਕਲਾਸਾਂ ਵਿੱਚ ਯੋਗਾ ਸਿੱਖਣ ਤੋਂ ਬਾਅਦ ਉਨ੍ਹਾਂ ਨੂੰ ਇਨ੍ਹਾਂ ਸਮੱਸਿਆਵਾਂ ਤੋਂ ਕਾਫੀ ਰਾਹਤ ਮਿਲੀ। ਯੋਗਾ ਦੇ ਨਿਯਮਤ ਅਭਿਆਸ ਨਾਲ ਉਨ੍ਹਾਂ ਦੀ ਸਰੀਰਕ ਗਤੀਸ਼ੀਲਤਾ ਵਿੱਚ ਵੀ ਸੁਧਾਰ ਹੋਇਆ ਹੈ।
ਇਸੇ ਤਰ੍ਹਾਂ ਸਥਾਨਕ ਪਵਨ ਇਨਕਲੇਵ ਕਾਲੋਨੀ ਧੂਰੀ ਰੋਡ ਮੁਹੱਲੇ ਦੇ ਯੋਗ ਸਾਧਕ ਅੰਜੂ ਜਿੰਦਲ,ਰੀਚਾ ਜਿੰਦਲ ਨੇ ਕਿਹਾ ਕਿ ਯੋਗ ਕਰਨ ਨਾਲ ਉਨ੍ਹਾਂ ਦੀ ਇਕਾਗਰਤਾ ਵਿੱਚ ਵਾਧਾ ਹੋਇਆ ਹੈ ,ਉਥੇ ਹੀ ਉਨ੍ਹਾਂ ਦੀਆਂ ਪੇਟ ਦੀਆਂ ਸਮੱਸਿਆਵਾਂ ਦਾ ਹੱਲ ਹੋਇਆ ਹੈ। ਇਸੇਤਰ੍ਹਾਂ ਕਾਲਜਾਂ/ ਸਕੂਲਾਂ ਵਿੱਚ ਪੜ੍ਹਦੇ ਨੌਜਵਾਨਾਂ ਨੇ ਕਿਹਾ ਕਿ ਯੋਗ ਇੱਕ ਸਾਧਨਾਂ ਹੈ, ਜਿਸਦੇ ਫਲਸਰੂਪ ਉਨ੍ਹਾਂ ਦੇ ਕਈ ਤਰ੍ਹਾਂ ਦੇ ਵਿਕਾਰ ਦੂਰ ਹੋਏ ਹਨ । ਉਨ੍ਹਾਂ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦਾ ਸੀਐਮ ਦੀ ਯੋਗਸ਼ਾਲਾ ਪ੍ਰੋਗਰਾਮ ਸ਼ੁਰੂ ਕਰਨ ਤੇ ਧੰਨਵਾਦ ਵੀ ਕੀਤਾ । ਵੱਖ-ਵੱਖ ਥਾਵਾਂ 'ਤੇ ਯੋਗਾ ਕਲਾਸਾਂ ਲਗਾ ਰਹੇ ਯੋਗ ਸਾਦਕਾਂ ਦਾ ਕਹਿਣਾ ਸੀ ਕਿ ਉਨ੍ਹਾਂ ਦੀ ਮਾਨਸਿਕ ਸਿਹਤ ਵਿੱਚ ਵੀ ਸੁਧਾਰ ਹੋਣ ਦੇ ਨਾਲ ਨਾਲ ਜੀਵਨਸ਼ੈਲੀ ਵਿੱਚ ਵੀ ਸੁਧਾਰ ਦਰਜ ਕੀਤਾ ਜਾ ਰਿਹਾ ਹੈ ।

ਸੀ.ਐਮ ਦੀ ਯੋਗਸ਼ਾਲਾ ਦਾ ਜਾਇਜ਼ਾ ਲੈਂਦੇ ਹੋਏ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਇਹ ਯੋਗਸ਼ਾਲਾਵਾਂ ਮਾਲੇਰਕੋਟਲਾ ਸ਼ਹਿਰ ਦੇ ਨਾਲ-ਨਾਲ ਅਹਿਮਦਗੜ੍ਹ, ਅਮਰਗੜ੍ਹ ਦੇ ਸਦਰ ਮੁਕਾਮਾਂ ਤੋਂ ਇਲਾਵਾ ਪੇਂਡੂ ਖੇਤਰਾਂ ਵਿੱਚ ਵੀ ਚੱਲ ਰਹੀਆਂ ਹਨ। ਇਨ੍ਹਾਂ ਯੋਗ ਕਲਾਸਾਂ ਦਾ ਮੁੱਖ ਉਦੇਸ਼ ਨਾਗਰਿਕਾਂ ਦੀ ਸ਼ਰੀਰਕ ਅਤੇ ਮਾਨਸਿਕ ਸਿਹਤ ਨੂੰ ਬਿਹਤਰ ਬਣਾਉਣ ਵਿੱਚ ਧਿਆਨ ਅਤੇ ਯੋਗ ਦੇ ਮਹੱਤਵ ਨੂੰ ਉਜਾਗਰ ਕਰਨਾ ਹੈ। ਰੋਜ਼ਾਨਾ ਅਭਿਆਸ ਦੁਆਰਾ, ਵਿਅਕਤੀ ਇਕਾਗਰਤਾ ਦਾ ਵਿਕਾਸ ਕਰ ਸਕਦਾ ਹੈ ਅਤੇ ਆਪਣੇ ਵਾਤਾਵਰਣ ਨਾਲ ਵੱਧ ਤੋਂ ਵੱਧ ਇਕਸੁਰਤਾ ਸਥਾਪਿਤ ਕਰ ਸਕਦਾ ਹੈ।



ਲੋਕਾਂ ਨੂੰ ਰੋਜ਼ਾਨਾ ਯੋਗਾ ਕਰਨ ਲਈ ਪ੍ਰੇਰਿਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁਫ਼ਤ ਯੋਗਾ ਸਿਖਲਾਈ ਲੈਣ ਲਈ ਲੋਕ ਆਪਣੇ ਨੇੜੇ ਚੱਲ ਰਹੀਆਂ ਯੋਗਾ ਕਲਾਸਾਂ ਦੇ ਟ੍ਰੇਨਰਾਂ ਜਾਂ ਜ਼ਿਲ੍ਹਾ ਕੋਆਰਡੀਨੇਟਰਾਂ ਨਾਲ ਸੰਪਰਕ ਕਰ ਸਕਦੇ ਹਨ ਜਾਂ ਟੋਲ ਫਰੀ ਨੰਬਰ 76694-00500 ਤੇ ਕਾਲ ਕਰ ਸਕਦੇ ਹਨ। ਇਸ ਤੋਂ ਇਲਾਵਾ https://cmdiyogshala.punjab.gov.in ਤੇ ਲਾਗਇਨ ਵੀ ਕੀਤਾ ਜ ਸਕਦਾ ਹ।
ਸੀਐਮ ਦੀ ਯੋਗਸ਼ਾਲਾ ਦੇ ਜ਼ਿਲ੍ਹਾ ਕੋਆਰਡੀਨੇਟਰ ਸ੍ਰੀ ਨਿਰਮਲ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 'ਸੀਐਮ ਯੋਗਸ਼ਾਲਾ' ਦੀ ਪਹਿਲਕਦਮੀ ਨੂੰ ਸੀਨੀਅਰ ਸਿਟੀਜ਼ਨਾਂ ਅਤੇ ਹਰ ਵਰਗ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਕਲਾਸਾਂ ਵਿਚ ਸ਼ਾਮਲ ਹੋਣ ਵਾਲੇ ਲੋਕਾਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। ਇਹ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਪ੍ਰੋਗਰਾਮ ਉਨ੍ਹਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਵਿੱਚ ਸਫਲ ਹੋ ਰਿਹਾ ਹੈ।

# ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ 3 ਤੋਂ 31 ਜੁਲਾਈ ਤੱਕ ਲੱਗਣਗੇ ਜਨ ਸੁਣਵਾਈ ਕੈਂਪ

ਮੋਗਾ (ਲੋਕ ਬਾਣੀ)ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਘਰਾਂ ਦੇ ਨਜ਼ਦੀਕ ਜਾ ਕੇ ਹੱਲ ਕਰਨ ਲਈ ਲਗਾਤਾਰ ਯਤਨਸ਼ੀਲ ਰਹਿ ਰਿਹਾ ਹੈ।ਲੋਕਾਂ ਦੀਆਂ ਸਮੱਸਿਆਵਾਂ ਨੂੰ ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ ਖੁਦ, ਹੋਰ ਉਚ ਪੱਧਰੀ ਸਬੰਧਤ ਅਧਿਕਾਰੀਆਂ ਨੂੰ ਨਾਲ ਲੈ ਕੇ ਪਿੰਡ ਪੱਧਰੀ ਦੌਰੇ ਕਰ ਰਹੇ ਹਨ। ਸਰਕਾਰੀ ਦਫ਼ਤਰਾਂ ਵਿੱਚ ਵੀ ਆਮ ਲੋਕਾਂ ਨੂੰ ਕਿਸੇ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਇਸ ਸਬੰਧੀ ਵੀ ਵਿਭਾਗਾਂ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਪਹਿਲਾਂ ਤੋਂ ਹੀ ਜਾਰੀ ਕੀਤੇ ਜਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ 3 ਜੁਲਾਈ ਤੋਂ 31 ਜੁਲਾਈ ਤੱਕ ਜਨ ਸੁਣਵਾਈ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਦੀ ਅਗਵਾਈ ਉਹ ਖੁਦ ਕਰਨਗੇ। 5-5 ਪਿੰਡਾਂ ਦੇ ਕਲੱਸਟਰ ਬਣਾ ਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਜਾਵੇਗਾ। ਮਿਤੀ 3 ਜੁਲਾਈ ਦਿਨ ਬੁੱਧਵਾਰ ਨੂੰ ਚੜਿੱਕ, ਮੱਲੀਆਂ ਵਾਲਾ, ਬੁੱਧ ਸਿੰਘ ਵਾਲਾ, ਨਾਹਲ ਖੋਟੇ, ਤਾਰੇ ਵਾਲਾ ਪਿੰਡਾ ਦੇ ਵਾਸੀਆਂ ਦੀਆਂ ਮੁਸ਼ਕਲਾਂ ਚੜਿੱਕ ਪਿੰਡ ਦੇ ਗੁਰਦੁਆਰਾ ਸੀਸ ਗੰਜ ਵਿਖੇ ਸੁਣੀਆਂ ਜਾਣਗੀਆਂ। ਮਿਤੀ 5 ਜੁਲਾਈ ਦਿਨ ਸ਼ੁਕਰਵਾਰ ਨੂੰ ਕੋਟ-ਈਸੇ-ਖਾਂ, ਗਗੜਾ, ਗਲੋਟੀ, ਜਨੇਰ, ਤਲਵੰਡੀ ਨੌ ਬਹਾਰ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਲਾਂ ਕੋਟ-ਈਸੇ-ਖਾਂ ਦੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ ਵਿਖੇ ਸੁਣੀਆਂ ਜਾਣਗੀਆਂ। ਮਿਤੀ 10 ਜੁਲਾਈ ਦਿਨ ਬੁੱਧਵਾਰ ਨੂੰ ਸੰਗਤਪੁਰਾ, ਚੰਨੂਵਾਲਾ, ਲਧਾਈਕੇ, ਕੋਟਲਾ ਰਾਈਕਾ, ਜੀਤਾ ਸਿੰਘ ਵਾਲਾ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਲਾਂ ਸੰਗਤਪੁਰਾ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਸੁਣੀਆਂ ਜਾਣਗੀਆਂ। ਮਿਤੀ 12 ਜੁਲਾਈ ਦਿਨ ਸ਼ੁੱਕਰਵਾਰ ਨੂੰ ਤਲਵੰਡੀ ਭੰਗੇਰੀਆਂ, ਲੰਡੇਕੇ, ਰੌਲੀ, ਮਹਿਣਾ, ਬੁੱਘੀਪੁਰਾ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਲਾਂ ਤਲਵੰਡੀ ਭੰਗੇਰੀਆਂ ਦੇ ਦੀ ਧਰਮਸ਼ਾਲਾ ਵਿਖੇ ਸੁਣੀਆਂ ਜਾਣਗੀਆਂ। ਮਿਤੀ 17 ਜੁਲਾਈ ਦਿਨ ਸ਼ੁੱਕਰਵਾਰ ਨੂੰ ਤਖਤੂਪੁਰਾ, ਲੋਹਾਰਾ, ਬਿਲਾਸਪੁਰ, ਰਾਮਾ, ਮਾਛੀਕੇ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਲਾਂ ਤਖਤੂਪੁਰਾ ਦੀ ਰਵੀਦਾਸੀਆ ਧਰਮਸ਼ਾਲਾ ਵਿਖੇ ਸੁਣੀਆਂ ਜਾਣਗੀਆਂ।

ਇਸ ਤੋਂ ਇਲਾਵਾ ਉਨ੍ਹਾਂ ਅੱਗੇ ਦੱਸਿਆ ਕਿ ਮਿਤੀ 19 ਜੁਲਾਈ ਦਿਨ ਸ਼ੁੱਕਰਵਾਰ ਨੂੰ ਫਤਿਹਗੜ੍ਹ ਪੰਜਤੂਰ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਮੂੰਡੀ ਜਮਾਲ, ਕਾਦਰਵਾਲਾ, ਲਲਿਹਾਦੀ, ਫਤਿਹਗੜ੍ਹ ਪੰਜਤੂਰ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ। ਮਿਤੀ 24 ਜੁਲਾਈ ਦਿਨ ਬੁੱਧਵਾਰ ਨੂੰ ਨੱਥੂਵਾਲਾ ਗਰਬੀ ਦੇ ਗੁਰਦੁਆਰਾ ਗੁਰੂ ਪ੍ਰਕਾਸ਼ ਵਿਖੇ ਵੱਡਾ ਘਰ, ਛੋਟਾ ਘਰ, ਨੱਥੂਵਾਲਾ ਗਰਬੀ, ਗੱਜਣਵਾਲਾ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ। ਮਿਤੀ 26 ਜੁਲਾਈ ਦਿਨ ਸ਼ੁੱਕਰਵਾਰ ਨੂੰ ਮਾਣੂੰਕੇ ਦੇ ਪੰਚਾਇਤ ਘਰ ਵਿਖੇ ਘੋਲੀਆ, ਮਾਣੂੰਕੇ ਖੁਰਦ, ਰਣੀਆਂ, ਖੋਟਾ, ਕਿਸ਼ਨਗੜ੍ਹ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ। ਮਿਤੀ 31 ਜੁਲਾਈ ਦਿਨ ਬੁੱਧਵਾਰ ਨੂੰ ਘੱਲ ਕਲਾਂ ਦੇ ਗੁਰਦੁਆਰਾ ਗੁਰੂਸਰ ਸਾਹਿਬ ਵਿਖੇ ਡਰੋਲੀ ਭਾਈ, ਘੱਲ ਕਲਾਂ, ਸਲੀਣਾ, ਖੋਸਾ ਪਾਂਡੋ, ਰੱਤੀਆਂ ਪਿੰਡਾਂ ਦੇ ਵਾਸੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਜਾਣਗੀਆਂ।



ਉਨ੍ਹਾਂ ਦੱਸਿਆ ਕਿ ਸਮੂਹ ਵਿਭਾਗ ਇਨ੍ਹਾਂ ਜਨ ਸੁਣਵਾਈ ਕੈਂਪਾਂ ਵਿੱਚ ਹਾਜ਼ਰ ਹੋ ਕੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਤੁਰੰਤ ਨਿਪਟਾਰਾ ਕਰਨ ਨੂੰ ਯਕੀਨੀ ਬਣਾਏਗਾ। ਡਿਪਟੀ ਕਮਿਸ਼ਨਰ ਨੇ ਸਬੰਧਤ ਪਿੰਡਾਂ ਦੇ ਵਾਸੀਆਂ ਨੂੰ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ।

## ਅਣ ਏਡਿਡ ਕਰਮਚਾਰੀਆਂ ਵੱਲੋਂ 7 ਜੁਲਾਈ ਨੂੰ ਰੋਸ਼ ਮਾਰਚ



ਧੂਰੀ, (ਲੋਕ ਬਾਣੀ)-ਅਣ ਏਡਿਡ ਸਟਾਫ਼ ਆਫ ਏਡਿਡ ਸਕੂਲ ਫਰੰਟ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਜਹਾਂਗੀਰ ਨੇ ਅੱਜ ਧੂਰੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਸਾਂਝੀ ਕਰਦਿਆਂ ਦੱਸਿਆ 7 ਜੁਲਾਈ ਨੂੰ ਵਿਸ਼ਾਲ ਪੱਧਰ ਉਤੇ ਪੰਜਾਬ ਦੇ 469 ਸਕੂਲਾਂ ਦੇ ਅਣ ਏਡਿਡ ਸਟਾਫ਼ ਵੱਲੋਂ ਜਲੰਧਰ ਵਿਖੇ ਪੰਜਾਬ ਸਰਕਾਰ ਵਿਰੁੱਧ ਪਾਰਕ ਨੇੜੇ ਆਰੀਆਂ ਸੀਨੀਅਰ ਸੈਕੰਡਰੀ ਸਕੂਲ ਤੋਂ ਬਬਰੀਕ ਚੋਕ ਤੱਕ ਰੋਸ਼ ਮਾਰਚ ਕੱਢਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਏਡਿਡ ਸਕੂਲਾਂ ਵਿਚ 2003 ਤੋਂ ਸਰਕਾਰ ਦੀਆਂ ਸਾਰੀਆਂ ਸ਼ਰਤਾਂ ਪੂਰੀਆਂ ਕਰਦੇ ਹੋਏ ਬਹੁਤ ਹੀ ਘੱਟ ਤਨਖਾਹਾਂ ਤੇ ਕੰਮ ਕਰਕੇ ਅਣ ਏਡਿਡ ਕਰਮਚਾਰੀਆਂ ਨੇ ਸਕੂਲਾਂ ਨੂੰ ਬਚਾ ਕੇ ਰੱਖਿਆ ਹੈ ਅਤੇ ਲੱਗ ਭੱਗ ਢਾਈ ਲੱਖ ਦੇ ਕਰੀਬ ਵਿਦਿਆਰਥੀਆਂ ਨੂੰ ਵਿੱਦਿਆ ਪ੍ਰਦਾਨ ਕਰ ਰਹੇ ਹਨ ਪਰ ਸਰਕਾਰ ਵੱਲੋਂ ਉਨ੍ਹਾਂ ਨੂੰ ਕੁੱਝ ਵੀ ਨਹੀਂ ਦਿੱਤਾ ਜਾਂਦਾ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਨੇ ਭਾਵੇਂ ਛੇਵਾਂ ਪੇ ਕਮਿਸ਼ਨ ਵੀ ਇਨ੍ਹਾਂ ਸਕੂਲਾਂ ਵਿਚ 1 ਜੁਲਾਈ ਤੋਂ ਲਾਗੂ ਕਰ ਦਿੱਤਾ ਹੈ ਪਰ ਇਨ੍ਹਾਂ ਸਕੂਲਾਂ ਵਿਚ ਅਣ ਏਡਿਡ ਕਰਮਚਾਰੀਆਂ ਨੂੰ ਪੱਕਾ। ਉਨ੍ਹਾਂ ਅੱਗੇ ਦੱਸਿਆ ਕਿ ਪਿਛਲੇ ਸਮੇਂ ਸਾਡੀਆਂ ਸਰਕਾਰ ਨਾਲ ਕਈ ਮੀਟਿੰਗਾਂ ਬੇ ਛਿੱਟਾਂ ਰਹੀਆਂ ਹਨ। ਇਸ ਮੌਕੇ ਸੰਗਰੂਰ ਜ਼ਿਲ੍ਹੇ ਦੇ ਅਣ ਏਡਿਡ ਕਰਮਚਾਰੀ ਤੇ ਮੋਜੂਦ ਸਨ।

## ਸ੍ਰੀ ਸੁਖਮਨੀ ਹਸਪਤਾਲ ਆਯੁਰਵੈਦਿਕ ਮੈਡੀਸਨ ਐਂਡ ਰਿਸਰਚ ਡੇਰਾਬੱਸੀ ਵਿਖੇ ਮਨਾਇਆ ਡਾਕਟਰ ਦਿਵਸ




ਡੇਰਾਬਸੀ (ਲੋਕ ਬਾਣੀ) ਸ਼੍ਰੀ ਸੁਖਮਨੀ ਹਸਪਤਾਲ ਆਯੁਰਵੈਦਿਕ ਮੈਡੀਸਨ ਐਂਡ ਰਿਸਰਚ ਵੱਲੋਂ ਡਾਕਟਰ ਦਿਵਸ ਮਨਾਉਣ ਸਬੰਧੀ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਐਸਐਸਜੀਆਈ ਦੇ ਪ੍ਰਧਾਨ ਕੰਵਲਜੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਸ਼੍ਰੀ ਸੁਖਮਨੀ ਡੈਂਟਲ ਕਾਲਜ ਅਤੇ ਹਸਪਤਾਲ ਦੀ ਪ੍ਰਿੰਸੀਪਲ ਡਾ: ਰਮਨਦੀਪ ਕੌਰ ਸੋਹੀ, ਐਮ.ਡੀ.ਐਸ., ਮੁੱਖ ਮਹਿਮਾਨ ਵਜੋਂ ਅਤੇ ਐਸ.ਐਸ.ਸੀ.ਐਨ ਦੇ ਪ੍ਰਿੰਸੀਪਲ ਡਾ: ਅਰੁਣ ਜਿੰਦਲ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਐਸਐਸਜੀਆਈ ਦੇ ਡਾਇਰੈਕਟਰ ਦਮਨਜੀਤ ਸਿੰਘ ਅਤੇ ਮੁੱਖ ਪ੍ਰਸ਼ਾਸਕ ਪ੍ਰੋ. ਰਸ਼ਪਾਲ ਸਿੰਘ ਨੇ ਸ਼ਮ੍ਹਾਂ ਰੌਸ਼ਨ ਕਰਕੇ ਸਮਾਗਮ ਦਾ ਆਗਾਜ਼ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਵਜੋਂ ਕੀਤਾ। ਇਸ ਤੋਂ ਬਾਅਦ ਪੰਚਕਰਮਾ ਵਿਭਾਗ ਦੀ ਮੁਖੀ ਡਾ: ਮੋਨਿਕਾ ਨੇ ਰਾਸ਼ਟਰੀ ਡਾਕਟਰ ਦਿਵਸ ਦੀ ਮਹੱਤਤਾ ਤੇ ਚਾਨਣਾ ਪਾਇਆ ਅਤੇ ਇਸ ਬਾਰੇ ਪ੍ਰੈਕਟੀਕਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਆਯੁਰਵੇਦ ਬਾਰੇ ਆਮ ਮਿੱਥਾਂ ਨੂੰ ਦੂਰ ਕਰਨ ਅਤੇ ਦਰਸ਼ਕਾਂ ਨੂੰ ਇਸਦੇ ਲਾਭਾਂ ਅਤੇ ਉਪਯੋਗਾਂ ਬਾਰੇ ਜਾਗਰੂਕ ਕਰਨ ਦਾ ਮੌਕਾ ਵੀ ਲਿਆ। ਮੁੱਖ ਮਹਿਮਾਨ ਡਾ: ਰਮਨਦੀਪ ਅਤੇ ਵਿਸ਼ੇਸ਼ ਮਹਿਮਾਨ ਡਾ: ਅਰੁਣ ਜਿੰਦਲ ਨੇ ਸਮੁੱਚੇ ਮੈਡੀਕਲ ਭਾਈਚਾਰੇ ਨੂੰ ਹਾਰਦਿਕ ਵਧਾਈ ਦਿੱਤੀ ਅਤੇ ਪ੍ਰੇਰਨਾਦਾਇਕ ਸੰਦੇਸ਼ ਦਿੱਤਾ। ਉਨ੍ਹਾਂ ਡਾਕਟਰਾਂ ਦੇ ਸਮਰਪਣ ਅਤੇ ਸਖ਼ਤ ਮਿਹਨਤ ਨੂੰ ਸਵੀਕਾਰ ਕੀਤਾ, ਖਾਸ ਕਰਕੇ ਆਯੁਰਵੈਦਿਕ ਦਵਾਈ ਦੇ ਖੇਤਰ ਵਿੱਚ ਅਤੇ ਸੰਪੂਰਨ ਸਿਹਤ ਦੇਖਭਾਲ ਦੀ ਮਹੱਤਤਾ ਤੇ ਜ਼ੋਰ ਦਿੱਤਾ। ਐਸਐਸਜੀਆਈ ਦੇ ਡਾਇਰੈਕਟਰ ਸ੍ਰੀ ਦਮਨਜੀਤ ਸਿੰਘ ਨੇ ਆਯੁਰਵੈਦਿਕ ਹਸਪਤਾਲ ਦੇ ਡਾਕਟਰਾਂ ਨੂੰ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਿਤ ਕੀਤਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਹਸਪਤਾਲ ਨੇ ਮਰੀਜ਼ਾਂ ਦੀ ਦੇਖਭਾਲ, ਖੋਜ ਦੇ ਖੇਤਰ ਵਿੱਚ ਆਪਣੀ ਪਛਾਣ ਬਣਾਈ ਹੈ ਅਤੇ ਸਿਹਤ ਸੰਭਾਲ ਵਿੱਚ ਉਤਸ਼ਾਹੀ ਅਤੇ ਭਾਵੁਕ ਉਮੀਦਵਾਰਾਂ ਲਈ ਇੱਕ ਅਨੁਕੂਲ ਸਿੱਖਣ ਮਾਹੌਲ ਪ੍ਰਦਾਨ ਕਰਦਾ ਹੈ। ਪ੍ਰੋਗਰਾਮ ਦੀ ਸਮਾਪਤੀ ਡਾ: ਜੀ. ਐਨ. ਵਰਮਾ ਦਾ ਧੰਨਵਾਦ ਕੀਤਾ।

# ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਲੋਕ ਸਭਾ ਚ ਚੁੱਕਿਆ ਪੇਂਡੂ ਵਿਕਾਸ ਫੰਡ ਦਾ ਮੁੱਦਾ



ਬਰਨਾਲਾ,(ਲੋਕ ਬਾਣੀ) ਸੰਸਦ ਮੈਂਬਰ ਸੰਗਰੂਰ ਸ. ਗੁਰਮੀਤ ਸਿੰਘ ਮੀਤ ਹੇਅਰ ਨੇ ਲੋਕ ਸਭਾ ਵਿੱਚ ਆਪਣਾ ਪਲੇਠਾ ਭਾਸ਼ਣ ਦਿੰਦੇ ਹੋਏ ਜਿੱਥੇ ਪੰਜਾਬ ਦੇ ਹੱਕਾਂ ਦੀ ਆਵਾਜ਼ ਬੁਲੰਦ ਕੀਤੀ ਓਥੇ ਕੇਂਦਰ ਸਰਕਾਰ ਵਲੋਂ ਰੋਕੇ ਗਏ ਪੇਂਡੂ ਵਿਕਾਸ ਫੰਡ ਸਣੇ ਹੋਰ ਫੰਡਾਂ ਦਾ ਮੁੱਦਾ ਚੁੱਕਿਆ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵਲੋਂ ਪੰਜਾਬ ਦੇ ਆਰਡੀਐਫ (ਰੂਰਲ ਡਿਵੈਲਪਮੈਂਟ ਫੰਡ) ਸਮੇਤ ਰੋਕੇ ਤਕਰੀਬਨ 8000 ਕਰੋੜ ਰੁਪਏ ਦੇ ਫੰਡ ਜਾਰੀ ਕੀਤੇ ਜਾਣ, ਕਿਉਂਕਿ ਇਹ ਪੰਜਾਬ ਦਾ ਹੱਕ ਹੈ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵਲੋਂ ਹੋਰਾਂ ਸੂਬਿਆਂ ਨੂੰ ਵਿਸ਼ੇਸ਼ ਪੈਕੇਜ ਦਿੱਤੇ ਜਾਂਦੇ ਹਨ ਤੇ ਪੰਜਾਬ ਨੂੰ ਓਸਦਾ ਬਣਦਾ ਹੱਕ ਵੀ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਬੇਨਤੀ ਕੀਤੀ ਕਿ ਪੰਜਾਬ ਦੇ ਰੋਕੇ ਹੋਏ ਫੰਡ ਜਲਦ ਤੋਂ ਜਲਦ ਜਾਰੀ ਕੀਤੇ ਜਾਣ।

ਐੱਮਪੀ ਮੀਤ ਹੇਅਰ ਨੇ ਦੇਸ਼ ਦੀ ਆਜ਼ਾਦੀ ਲਈ ਪੰਜਾਬੀਆਂ ਦੀਆਂ 80 ਫੀਸਦੀ ਕੁਰਬਾਨੀਆਂ ਤੋਂ ਲੈ ਕੇ ਵੰਡ ਦਾ ਸੰਤਾਪ ਭੋਗਣ, ਕਿਸਾਨਾਂ ਵੱਲੋਂ ਦੇਸ਼ ਦੇ ਅੰਨ ਭੰਡਾਰ ਭਰਨ, ਬਾਰਡਰਾਂ ਉੱਤੇ ਸੈਨਿਕਾਂ ਵੱਲੋਂ ਸ਼ਹੀਦੀ ਪਾਉਣ ਅਤੇ ਖੇਡਾਂ ਖਾਸ ਕਰਕੇ ਓਲੰਪਿਕਸ ਵਿੱਚ ਪੰਜਾਬੀਆਂ ਦੇ ਯੋਗਦਾਨ ਦਾ ਜ਼ਿਕਰ ਕੀਤਾ

ਉਨ੍ਹਾਂ ਹਾਕੀ ਖਿਡਾਰੀ ਬਲਬੀਰ ਸਿੰਘ ਸੀਨੀਅਰ, ਨਿਸ਼ਾਨੇਬਾਜ਼ ਅਭਿਨਵ ਬਿੰਦਰਾ, ਅਰਸ਼ਦੀਪ ਸਿੰਘ ਤੱਕ ਜ਼ਿਕਰ ਕੀਤਾ।

ਮੀਤ ਹੇਅਰ ਨੇ ਪੰਜਾਬ ਯੂਨੀਵਰਸਿਟੀ ਦੇ ਸਮਾਗਮ ਮੌਕੇ ਤੱਤਕਾਲੀ ਗ੍ਰਹਿ ਮੰਤਰੀ ਸਰਦਾਰ ਪਟੇਲ ਵੱਲੋਂ ਪੰਜਾਬੀਆਂ ਦੀ ਕੁਰਬਾਨੀ ਨੂੰ ਸਿਜਦਾ ਕਰਨ ਦਾ ਜ਼ਿਕਰ ਕਰਦਿਆਂ ਪੰਜਾਬ ਨਾਲ ਕੇਂਦਰ ਦੀ ਵਿਤਕਰੇਬਾਜੀ ਅਤੇ ਗੁਆਂਢੀ ਸੂਬਿਆਂ ਨੂੰ ਟੈਕਸ ਰਿਆਇਤਾਂ ਦੇ ਕੇ ਪੰਜਾਬ ਦੇ ਉਦਯੋਗਾਂ ਨਾਲ ਮਤਰੇਏ ਸਲੂਕ ਦੀ ਗੱਲ ਕਹੀ ਤੇ ਆਰਡੀਐਫ ਸਮੇਤ ਰੋਕੇ 8000 ਕਰੋੜ ਰੁਪਏ ਦੇ ਫੰਡਾਂ ਨੂੰ ਜਾਰੀ ਕਰਨ ਦੀ ਮੰਗ ਰੱਖੀ।

ਉਨ੍ਹਾਂ ਕਿਹਾ ਕਿ ਅਗਨੀਵੀਰ ਸਕੀਮ ਦਾ ਪਹਿਲਾ ਸ਼ਹੀਦ ਪੰਜਾਬੀ ਅੰਮ੍ਰਿਤਪਾਲ ਸਿੰਘ ਸੀ ਜਿਸ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਕ ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ।

ਸ. ਮੀਤ ਹੇਅਰ ਨੇ ਮੁਲਾਜ਼ਮਾਂ ਦੇ ਹੱਕ ਵਿੱਚ ਬੋਲਦਿਆਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਮੰਗ ਰੱਖੀ।

ਉਨ੍ਹਾਂ ਆਪਣੇ ਭਾਸ਼ਣ ਦੀ ਸ਼ੁਰੂਆਤ ਵਿੱਚ ਸੰਗਰੂਰ ਦੇ ਲੋਕਾਂ ਦਾ ਸੰਸਦ ਵਿੱਚ ਭੇਜਣ ਲਈ ਧੰਨਵਾਦ ਕੀਤਾ।

## ਲਾਇਨਜ਼ ਕਲੱਬ ਡੇਰਾਬਸੀ ਦੇ ਨਵੇਂ ਪ੍ਰਧਾਨ ਨਿਤਿਨ ਜਿੰਦਲ ਨੇ ਸੰਭਾਲਿਆ ਅਹੁਦਾ



ਡੇਰਾਬਸੀ, (ਲੋਕ ਬਾਣੀ)) ਡੇਰਾਬਸੀ ਲਾਇਨਜ਼ ਕਲੱਬ ਦੇ ਨਵ-ਨਿਯੁਕਤ ਪ੍ਰਧਾਨ ਨਿਤਿਨ ਜਿੰਦਲ ਵੱਲੋਂ ਅਹੁਦਾ ਸੰਭਾਲਣ ਤੋਂ ਬਾਅਦ ਉਨ੍ਹਾਂ ਦੀ ਅਗਵਾਈ ਹੇਠ ਕਈ ਪ੍ਰੋਗਰਾਮ ਕਰਵਾਏ ਗਏ। ਇਸ ਮੌਕੇ ਕਲੱਬ ਮੈਂਬਰਾਂ ਵੱਲੋਂ ਗਊਸ਼ਾਲਾ ਧਨੌਨੀ ਤੂੜੀ ਦੀ ਟਰਾਲੀ ਭੇਂਟ ਕੀਤੀ ਗਈ। ਪ੍ਰਧਾਨ ਨਿਤਿਨ ਜਿੰਦਲ ਨੇ ਦੱਸਿਆ ਕਿ ਇਸ ਤੋਂ ਇਲਾਵਾ ਅੰਤਰਰਾਸ਼ਟਰੀ ਡਾਕਟਰ ਦਿਵਸ ਮੌਕੇ ਸਿਵਲ ਹਸਪਤਾਲ ਦੇ ਡਾਕਟਰਾਂ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ । ਕਲੱਬ ਵੱਲੋਂ ਹਸਪਤਾਲ ਨੂੰ ਚਾਰ ਛੱਤ ਵਾਲੇ ਪੱਖੇ ਭੇਂਟ ਕੀਤੇ ਗਏ। ਮੈਂਬਰਾਂ ਨੇ ਗਰੀਨ ਅਸਟੇਟ ਪਾਰਕ ਵਿੱਚ ਛਾਂਦਾਰ ਬੂਟੇ ਲਗਾਉਣ ਤੋਂ ਇਲਾਵਾ ਖਟੀਕ ਧਰਮਸ਼ਾਲਾ ਵਿੱਚ 15 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੀ ਵੰਡਿਆ। ਇਸ ਮੌਕੇ ਲਾਇਨਜ਼ ਕ੍ਰਿਸ਼ਨਪਾਲ ਸ਼ਰਮਾ, ਰਾਕੇਸ਼ ਰਤਨ ਅਗਰਵਾਲ, ਬਰਖਾ ਰਾਮ, ਬਲਕਾਰ ਸਿੰਘ, ਉਪੇਸ਼ ਬਾਂਸਲ, ਸਨੰਤ ਭਾਰਦਵਾਜ, ਪਵਨ ਧੀਮਾਨ, ਪੁਸ਼ਪਿੰਦਰ ਮਹਿਤਾ ਆਦਿ ਤੋਂ ਇਲਾਵਾ ਹੋਰ ਵੀ ਕਈ ਮੈਂਬਰ ਹਾਜ਼ਰ ਸਨ।

## ਮਲੇਰਕੋਟਲਾ ਦੇ ਰਹਿਣ ਵਾਲੇ ਹੁਸੈਨ ਨੇ ਬਰਾਲਾਚਾ ਪਾਸ ਤੇ ਲਹਿਰਾਇਆ ਤਿਰੰਗਾ




ਮਾਲੇਰਕੋਟਲਾ (ਲੋਕ ਬਾਣੀ))

ਮਾਲੇਰਕੋਟਲਾ ਦੇ ਰਹਿਣ ਵਾਲੇ ਸ਼ੇਖ ਕੱਰਾਰ ਹੁਸੈਨ ਨੇ 4850 ਮੀਟਰ ਦੀ ਉਚਾਈ ਤੇ ਭਾਰਤੀਯ ਝੰਡਾ ਫਰਾ ਕੇ ਦੇਸ਼ ਨੂੰ ਅਮਨ ਦਾ ਸੰਦੇਸ਼ ਦਿੱਤਾ ਹੈ ਕੱਰਾਰ ਹੁਸੈਨ ਨੇ ਹਿਮਾਚਲ ਚ ਮੌਜੂਦ ਬਾਰਾਲਾਚਾ ਪਾਸ ਜੋ 4850 ਮੀਟਰ ਦੀ ਉਚਾਈ ਤੇ ਹੈ ਜਿੱਥੇ ਸਾਂਸ ਲੈਣ ਚ ਵੀ ਦਿੱਕਤ ਆਉਂਦੀ ਹੈ ਉਥੇ ਪੋਹੁੰਚੇ ਅਤੇ ਲੋਕਾਂ ਨੂੰ ਮਿਲ ਜੁਲ ਕੇ ਆਪਸ ਚ ਭਾਈ ਚਾਰੇ ਨਾਲ ਰਹਿਣ ਲਈ ਪ੍ਰੇਰਿਤ ਕੀਤਾ ਹੁਸੈਨ ਨੇ ਦੱਸਿਆ ਕਿ ਉਹ ਪਹਿਲਾ ਵੀ ਇਸ ਤਰ੍ਹਾਂ ਦੇ ਕਈ ਸਾਹਸਿਕ ਕੰਮ ਕਰ ਚੁੱਕੇ ਨੇ ਓਹਨਾ ਨੇ ਅੱਗੇ ਦੱਸਿਆ ਕਿ ਉਹ ਦੂਨੀਆ ਦੇ ਸਭਤੋਂ ਉੱਚੇ ਮੋਟਰ ਸੜਕ ਖਰਦੂੰਗਲਾ, ਹਮਟਾ ਪਾਸ , ਕੁੰਜਮ ਪਾਸ , ਪਿੰਡਰੀ ਗਲੇਸ਼ੀਅਰ, ਕਫਨੀ ਗਲੇਸ਼ੀਅਰ , ਜੈਸੇ ਕਈ ਥਾਵਾਂ ਤੇ ਝੰਡਾ ਫਰਾ ਚੁੱਕੇ ਨੇ

ਇਸ ਲਈ ਸ਼ਹਿਰ ਵਾਸੀ ਜਮ ਕੇ ਇਸ ਕਦਮ ਦੀ ਸ਼ਲਾਘਾ ਕਰ ਰਹੇ ਨੇ ਉੱਗੇ ਸਮਾਜਸੇਵੀ ਅਤੇ ਨੇਤਾ ਜਾਵੇਦ ਰਤਨ ਨੇ ਕਿਹਾ ਕਿ ਅਸੀਂ ਹੁਸੈਨ ਜੀ ਦੇ ਇਸ ਕੰਮ ਤੋ ਪ੍ਰੇਰਨਾ ਲੈਣੇ ਹੈਂ

ਇਹ ਹਮੇਸ਼ ਦੇਸ਼ ਨੂੰ ਜੋੜਨ ਦੀ ਗੱਲ ਕਰਦੇ ਨੇ ਇਸ ਲਈ ਮਾਲੇਰਕੋਟਲਾ ਦੇ ਨੌਜਵਾਨ ਇਹਨਾਂ ਤੋਂ ਪ੍ਰੇਰਨਾ ਲੈਂਦੇ ਹਨ

ਉੱਘੇ ਸਮਾਜ ਸੇਵੀ ਅਤੇ ਸ਼ਹਿਰ ਦੇ ਮੰਨੇ ਹੋਏ ਵਕੀਲ ਅਤੇ ਓਅਸਿਸ ਸਕੂਲ ਦੇ ਚੇਅਰਮੈਨ ਸਲੀਮ ਚੌਧਰੀ ਨੇ ਇਸ ਦੀ ਕਾਫੀ ਸ਼ਲਾਘਾ ਕੀਤੀ ਅਤੇ ਇਸ ਕੰਮ ਨੂੰ ਅੱਜ ਦੇ ਸਮੇਂ ਦੀ ਜ਼ਰੂਰਤ ਦੱਸਿਆ

ਸੀਨੀਅਰ ਪੱਤਰਕਾਰ ਜਮੀਲ ਖੇੜੀ ਨੇ ਦੱਸਿਆ ਕਿ ਮੈ ਕਾਫੀ ਦੇਰ ਤੋਂ ਹੁਸੈਨ ਜੀ ਦੇ ਨਾਲ ਰਿਹਾ ਹਾਂ ਇਹ ਦੇਸ਼ ਸ਼ਹਿਰ ਸਮਾਜ ਲਈ ਕੁਝ ਨਾ ਕੁਝ ਕਰਦੇ ਰਹਿੰਦੇ ਨੇ ਜਿਸ ਨਾਲ ਇਹ ਆਪਸ ਚ ਜੁੜ ਕੇ ਰਹਿਣ ਇਹਨਾਂ ਦੇ ਇਸ ਕੰਮ ਦੀ ਅਸੀ ਸ਼ਲਾਘਾ ਕਰਦਾ ਹਾਂ

# ਸਿਵਲ ਸਰਜਨ ਬਰਨਾਲਾ ਵੱਲੋਂ ਦਸਤ ਰੋਕੂ ਮੁਹਿੰਮ ਦੀ ਸਿਵਲ ਹਸਪਤਾਲ ਤੋਂ ਸ਼ੁਰੂਆਤ



ਬਰਨਾਲਾ,(ਲੋਕ ਬਾਣੀ) ਸਿਹਤ ਵਿਭਾਗ ਪੰਜਾਬ ਅਤੇ ਡਿਪਟੀ ਕਮਿਸ਼ਨਰ ਬਰਨਾਲਾ ਪੂਨਮਦੀਪ ਕੌਰ ਆਈ ਏ ਐਸ ਦੇ ਨਿਰਦੇਸ਼ਾਂ ਤਹਿਤ ਡਾ. ਹਰਿੰਦਰ ਸ਼ਰਮਾ ਸਿਵਲ ਸਰਜਨ ਬਰਨਾਲਾ ਵੱਲੋਂ ਸਿਵਲ ਹਸਪਤਾਲ ਬਰਨਾਲਾ ਵਿਖੇ ਓ ਆਰ ਐਸ ਜ਼ਿੰਕ ਕਾਰਨਰ ਤੋਂ ਦਸਤ ਰੋਕੂ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।

ਇਸ ਸਮੇਂ ਸਿਵਲ ਸਰਜਨ ਬਰਨਾਲਾ ਡਾ. ਹਰਿੰਦਰ ਸ਼ਰਮਾ ਨੇ ਦੱਸਿਆ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਪੰਜ ਸਾਲ ਤੋਂ ਛੋਟੇ ਬੱਚਿਆਂ ਦੀ ਮੌਤ ਦਰ ਨੂੰ ਘਟਾਉਣਾ ਹੈ ਅਤੇ ਦਸਤ ਰੋਗ ਨਾਲ ਹੋਣ ਵਾਲੀਆਂ ਮੌਤਾਂ ਦੀ ਗਿਣਤੀ ਨੂੰ ਜ਼ੀਰੋ ਤੇ ਲਿਆਉਣਾ ਹੈ। ਦਸਤਾਂ ਦੀ ਰੋਕਥਾਮ ਲਈ ਸਿਹਤ ਵਿਭਾਗ ਵਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਹਨ।


ਡਾ. ਗੁਰਬਿੰਦਰ ਕੌਰ ਜ਼ਿਲ੍ਹਾ ਟੀਕਾਕਰਨ ਅਫਸਰ/ ਨੋਡਲ ਅਫਸਰ ਨੇ ਦੱਸਿਆ ਕਿ ਇਹ ਮੁਹਿੰਮ 1 ਜੁਲਾਈ ਤੋਂ 31 ਅਗਸਤ ਤੱਕ ਚਲਾਈ ਜਾਵੇਗੀ। ਮੁਹਿੰਮ ਦੌਰਾਨ 5 ਸਾਲ ਤੋਂ ਛੋਟੇ ਬੱਚਿਆਂ ਨੂੰ ਓ ਆਰ ਐਸ ਪੈਕਟ ਆਸ਼ਾ ਅਤੇ ਆਂਗਨਵਾੜੀ ਵਰਕਰਾਂ ਵਲੋਂ ਮੁਫਤ ਵੰਡੇ ਜਾਣਗੇ ਅਤੇ ਸਾਰੇ ਸਿਹਤ ਕੇਂਦਰਾਂ ਚ ਓ ਆਰ ਐਸ ਜ਼ਿੰਕ ਕਾਰਨਰ ਬਣਾਏ ਗਏ ਹਨ ਤਾਂ ਜਿੱਥੇ ਦਸਤ ਹੋਣ ਦੀ ਹਾਲਤ ਵਿਚ ਓ ਆਰ ਐਸ ਅਤੇ ਜ਼ਿੰਕ ਦੀਆਂ ਗੋਲੀਆਂ ਮੁਫਤ ਦਿੱਤੀਆਂ ਜਾਣਗੀਆਂ।

ਸੀਨੀਅਰ ਮੈਡੀਕਲ ਅਫਸਰ ਬਰਨਾਲਾ ਡਾ. ਤਪਿੰਦਰਜੋਤ ਕੌਸ਼ਲ ਨੇ ਦੱਸਿਆ ਕਿ ਦਸਤਾਂ ਦੌਰਾਨ ਓ ਆਰ ਐਸ ਅਤੇ ਜ਼ਿੰਕ ਬਹੁਤ ਜ਼ਰੂਰੀ ਹੈ। ਦਸਤ ਲੱਗ ਜਾਣ ਕਾਰਨ ਸਿਵਲ ਹਸਪਤਾਲ ਬਰਨਾਲਾ ਵਿਖੇ ਡਾਕਟਰੀ ਸਲਾਹ ਅਨੁਸਾਰ ਇਲਾਜ ਕਰਾਉਣਾ ਚਾਹੀਦਾ ਹੈ ਅਤੇ ਅਰਬਨ ਪੀ ਐਚ ਸੀ ਸੰਧੂ ਪੱਤੀ, ਪ੍ਰੇਮ ਨਗਰ ਅਤੇ ਆਮ ਆਦਮੀ ਕਲੀਨਿਕ ਨੇੜੇ ਪਸ਼ੂ ਪਾਲਣ ਹਸਪਤਾਲ ਵਿਖੇ ਕਾਰਨਰ ਤੋਂ ਓ ਆਰ ਐਸ ਅਤੇ ਜ਼ਿੰਕ ਦੀ ਵਰਤੋਂ ਕਰਕੇ ਬਹੁਤ ਸਾਰੇ ਬੱਚਿਆਂ ਦੀ ਜਾਨ ਬਚਾਈ ਜਾ ਸਕਦੀ ਹੈ।

ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਅਫਸਰ ਅਤੇ ਹਰਜੀਤ ਸਿੰਘ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਨੇ ਦੱਸਿਆ ਕਿ ਦਸਤ ਲੱਗ ਜਾਣ ਤੇ ਜਲਦੀ ਇਲਾਜ ਕਰਾਉਣਾ ਚਾਹੀਦਾ ਹੈ ਕਿਉਂਕਿ ਇਲਾਜ ਚ ਦੇਰੀ ਕਈ ਵਾਰ ਖਤਰੇ ਦਾ ਕਾਰਨ ਬਣ ਸਕਦੀ ਹੈ। ਇਸ ਲਈ ਸਿਹਤ ਕਰਮਚਾਰੀਆਂ ਅਤੇ ਆਸ਼ਾ ਵੱਲੋਂ ਲੋਕਾਂ ਨੂੰ ਦਸਤਾਂ ਤੋਂ ਬਚਾਅ ਲਈ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਸਮੇਂ ਡਾ. ਅੰਕੁਸ਼ ਜਿੰਦਲ ਬੱਚਿਆਂ ਦੇ ਮਾਹਿਰ, ਮਨਜੀਤ ਕੌਰ, ਸਿਹਤ ਵਿਭਾਗ ਦੇ ਕਰਮਚਾਰੀ ਅਤੇ ਆਸ਼ਾ ਹਾਜ਼ਰ ਸਨ।

# ਗਰਮੀਆਂ ਦੀਆਂ ਛੁਟੀਆਂ ਤੋਂ ਬਾਅਦ ਸ੍ਰੀ ਅਨੰਦਪੁਰ ਸਾਹਿਬ ਦੇ ਬਜ਼ਾਰਾਂ ਚ ਮੁੜ ਪਰਤੀਆਂ ਰੌਣਕਾਂ।

ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਸਾਰੇ ਬਜ਼ਾਰ ਹਰ ਸਾਲ ਦੀ ਤਰਾਂ ਇਸ ਵਾਰ ਵੀ ਗਰਮੀਆਂ ਦੀਆਂ ਛੁਟੀਆਂ ਦੇ ਚਲਦਿਆਂ 27 ਤੋਂ 30 ਜੂਨ ਤੱਕ ਚਾਰ ਦਿਨ ਮੁਕੰਮਲ ਤੌਰ ਤੇ ਬੰਦ ਰਹਿਣ ਤੋਂ ਬਾਅਦ ਅੱਜ 1 ਜੁਲਾਈ ਨੂੰ ਖੁਲ ਗਏ ਹਨ। ਅੱਜ ਚਾਰ ਦਿਨਾਂ ਬਾਅਦ ਖੁੱਲੀਆਂ ਦੁਕਾਨਾਂ ਤੋਂ ਬਾਅਦ ਬਜ਼ਾਰਾਂ ਵਿਚ ਮੁੜ ਰੌਣਕਾਂ ਪਰਤ ਆਈਆਂ।




ਇਸ ਮੌਕੇ ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ ਨੇ ਸਮੂਹ ਵਪਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਫੈਸਲਾ ਵਪਾਰ ਮੰਡਲ ਦੀ ਮੀਟਿੰਗ ਚ ਸਮੁੱਚੇ ਵਪਾਰੀ ਭਰਾਵਾਂ ਵੱਲੋਂ ਕੀਤਾਂ ਗਿਆ ਸੀ, ਸਾਰੇ ਵਪਾਰੀ ਵਰਗ ਵਲੋਂ ਭਰਪੂਰ ਸਹਿਯੋਗ ਮਿਲਿਆ ਹੈ।ਜ਼ਿਕਰਯੋਗ ਹੈ ਕਿ ਹਰ ਸਾਲ ਦੁਕਾਨਦਾਰਾਂ ਨੂੰ ਗਰਮੀਆਂ ਦੀਆਂ ਛੁੱਟੀਆਂ ਕੀਤੀਆਂ ਜਾਂਦੀਆਂ ਹਨ, ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਇਸ ਵਾਰ ਵੀ ਦੁਕਾਨਦਾਰਾਂ ਦੀ ਮੀਟਿੰਗ ਕਰਕੇ ਸਾਂਝੇ ਤੌਰ ਤੇ ਫੈਸਲਾ ਲਿਆ ਗਿਆ ਸੀ ਕਿ 27, 28, 29 ਅਤੇ 30 ਜੂਨ ਤੱਕ ਚਾਰ ਦਿਨ ਸ਼ਹਿਰ ਦੀਆਂ ਸਾਰੀਆਂ ਦੁਕਾਨਾਂ ਬੰਦ ਰਹਿਣਗੀਆਂ ਜਿਸ ਕਰਕੇ ਚਾਰ ਦਿਨ ਸ਼ਹਿਰ ਮੁਕੰਮਲ ਬੰਦ ਰਿਹਾ।ਅੱਤ ਦੀ ਪੈ ਰਹੀ ਗਰਮੀ ਚ ਇਹ ਬਹੁਤ ਵਧੀਆ ਫੈਸਲਾ ਹੈ ਕਿ ਹਰ ਸਾਲ ਚਾਰ ਛੁੱਟੀਆਂ ਕੀਤੀਆਂ ਜਾਣ ਤਾਂ ਜੋ ਆਪਣੇ ਪਰਿਵਾਰਾਂ ਨਾਲ ਸਮਾਂ ਬਿਤਾਇਆ ਜਾ ਸਕੇ ।ਇਸ ਮੌਕੇ ਪ੍ਰਧਾਨ ਅਰੋੜਾ ਦੇ ਨਾਲ ਵਪਾਰੀ ਆਗੂ ਦਵਿੰਦਰ ਸਿੰਘ ਰਾਣਾ, ਗੁਰਕੀਰਤ ਸਿੰਘ ਬਾਵਾ, ਸੋਨੂੰ ਅਰੋੜਾ,ਸੇਫੀ ਅਰੋੜਾ, ਜਸਪਾਲ ਸਿੰਘ ਪਾਲ, ਲੱਕੀ ਮੱਕੜ ਆਦਿ ਵੀ ਹਾਜ਼ਰ ਸਨ।

# ਕਲਮਾਂ ਦਾ ਕਾਫ਼ਲਾ ਸਾਹਿਤਕ ਮੰਚ ਵੱਲੋਂ ਮਹੀਨਾਵਾਰ ਆਨ ਲਾਈਨ ਕਵੀ ਦਰਬਾਰ ਕਰਵਾਇਆ ਗਿਆ

ਅੰਤਰ ਰਾਸ਼ਟਰੀ ਫੇਸਬੁੱਕ ਮੰਚ ਕਲਮਾਂ ਦਾ ਕਾਫ਼ਲਾ ਦੇ ਪ੍ਰਬੰਧਕ ਮੈਡਮ ਗੁਰਜੀਤ ਕੌਰ ਅਜਨਾਲਾ ਜੀ ਦੇ ਸਹਿਯੋਗ ਨਾਲ਼ ਮਹੀਨੇ ਦੇ ਹਰ ਪਹਿਲੇ ਸੋਮਵਾਰ ਨੂੰ ਹੋਣ ਵਾਲਾ ਮਹੀਨੇਵਾਰ ਆਨ ਲਾਈਨ ਕਵੀ ਦਰਬਾਰ ਕਰਵਾਇਆ ਗਿਆ ਜਿਸ ਦਾ ਸੰਚਾਲਨ ਸ ਰਣਬੀਰ ਸਿੰਘ ਪ੍ਰਿੰਸ ਆਫ਼ਿਸਰ ਕਾਲੋਨੀ ਸੰਗਰੂਰ ਜੀ ਦੁਆਰਾ ਕੀਤਾ ਗਿਆ ਅਤੇ ਇਸ ਵਿੱਚ ਕਵੀ ਸਾਹਿਬਾਨਾਂ ਨੇ ਭਾਗ ਲਿਆ। ਜਿਵੇਂ ਸ੍ ਸੁਖਦੇਵ ਸਿੰਘ ਗੰਢਵਾਂ , ਮਾ ਨਾਹਰ ਸਿੰਘ, ਸਤਨਾਮ ਸਿੰਘ ਅਬੋਹਰ,ਡਾ ਟਿੱਕਾ ਜੇ ਐਸ ਸਿੱਧੂ, ਮਹਿੰਦਰ ਸੂਦ ਵਿਰਕ,ਸ ਰਣਜੀਤ ਸਿੰਘ ਫ਼ਤਹਿਗੜ੍ਹ ਸਾਹਿਬ,ਜੱਸੀ ਧਰੌੜ ਸਾਹਨੇਵਾਲ, ਗੁਲਸ਼ਨਬੀਰ ਗੁਰਾਇਆ, ਮਲਕੀਤ ਸਿੰਘ ਵਰਪਾਲ, ਜਸਵਿੰਦਰ ਸਿੰਘ,ਕਲਮ ਗਹੁੰਣ,ਮੈਡਮ ਪੋਲੀ ਬਰਾੜ ਯੂ .ਐੱਸ ਏ ,ਅਮਰਜੀਤ ਕੌਰ ਮੋਰਿੰਡਾ ,ਪ੍ਰਵੀਨ ਕੌਰ ਸਿੱਧੂ, ਮੈਡਮ ਕਰਮਜੀਤ ਕੌਰ ਮਲੋਟ, ਮੈਡਮ ਅਮਿਨੇਸ਼ਵਰ ਕੌਰ ਨੇ ਆਪਣੀਆਂ ਰਚਨਾਵਾਂ ਰਾਹੀਂ ਮਹਿਫ਼ਲ ਨੂੰ ਚਾਰ ਚੰਨ ਲਗਾਏ। ਅੰਤ ਵਿੱਚ ਮੈਡਮ ਗੁਰਜੀਤ ਕੌਰ ਅਜਨਾਲਾ ਜੀ ਅਤੇ ਰਣਬੀਰ ਸਿੰਘ ਪ੍ਰਿੰਸ ਆਫ਼ਿਸਰ ਕਾਲੋਨੀ ਸੰਗਰੂਰ ਤੇ ਮੰਚ ਕਲਮਾਂ ਦਾ ਕਾਫ਼ਲਾ ਵੱਲੋਂ ਸਾਰੇ ਭਾਗ ਲੈਣ ਵਾਲੇ ਕਵੀ ਸਾਹਿਬਾਨਾਂ ਦਾ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਗਿਆ।



ਰਣਬੀਰ ਸਿੰਘ ਪ੍ਰਿੰਸ
# 37/1 ਬਲਾਕ ਡੀ-1 ਮ
ਆਫ਼ਿਸਰ ਕਾਲੋਨੀ ਸੰਗਰੂਰ
148001
9872299613

# ਕਾਂਗਰਸੀ ਆਗੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪਵਿੱਤਰ ਅਸਥਾਨ ਤੇ ਹੋਏ ਨਤਮਸਤਕ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਜਲੰਧਰ ਦੀ ਜਿਮਨੀ ਚੋਣ ਲੜ ਰਹੀ ਬੀਬਾ ਸੁਰਿੰਦਰ ਕੌਰ ਦੀ ਚੋਣ ਮੁਹਿੰਮ ਨੂੰ ਭਖਾਉਣ ਲਈ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਅਗਵਾਈ ਹੇਠ ਵੱਡੀ ਗਿਣਤੀ ਕਾਂਗਰਸ ਪਾਰਟੀ ਦੇ ਆਗੂ ਹਾਜ਼ਰ ਹੋਏ। ਅੱਜ ਉਹ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਮੰਦਰ ਵਿਖੇ ਆਪਣੀ ਟੀਮ ਸਮੇਤ ਨਤਮਸਤਕ ਹੋਏ ਅਤੇ ਗੁਰੂ ਸਾਹਿਬ ਦਾ ਓਟ ਆਸਰਾ ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਢਿੱਲੋਂ ਅਤੇ ਜ ਅਤੇ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ ਨੇ ਦੱਸਿਆ ਕਿ ਉਹ ਜਲੰਧਰ ਵੈਸਟ ਵਾਰਡ ਨੰਬਰ46 ਦੇ ਵੱਖ ਵੱਖ ਬੂਥਾ ਉੱਪਰ ਆਪਣੀ ਡਿਊਟੀ ਸੰਭਾਲ ਰਹੇ ਹਨ। ਆਗੂਆਂ ਨੇ ਦੱਸਿਆ ਕਿ ਬੀਬਾ ਸੁਰਿੰਦਰ ਕੌਰ ਦੀ ਚੋਣ ਮੁਹਿੰਮ ਨੂੰ ਹੋਰ ਤਕੜਾ ਕਰਨ ਲਈ ਉਹਨਾਂ ਅੱਜ ਡੋਰ ਟੂ ਡੋਰ ਪ੍ਰਚਾਰ ਵੀ ਕੀਤਾ। ਇਸ ਮੁਹਿੰਮ ਦੌਰਾਨ ਵੋਟਰਾਂ ਨੇ ਉਹਨਾਂ ਦੀ ਸਮੁੱਚੀ ਟੀਮ ਨੂੰ ਬੇਹੱਦ ਪਿਆਰ ਅਤੇ ਸਤਿਕਾਰ ਦਿੰਦਿਆਂ ਕਿਹਾ ਹੈਕਿ ਉਹ ਪਹਿਲਾਂ ਵਾਂਗ ਜਿਵੇਂ ਸਰਦਾਰ ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਹੁਰਾਂ ਨੂੰ ਲੋਕ ਸਭਾ ਵਿੱਚ ਵੱਡੀ ਗਿਣਤੀ ਨਾਲ ਜਿਤਾ ਕੇ ਭੇਜਿਆ ਹੈ ਉਸੇ

ਤਰ੍ਹਾਂ ਹੁਣ ਬੀਬੀ ਸੁਰਿੰਦਰ ਕੌਰ ਨੂੰ ਵੀ ਇਥੋਂ ਵੱਡੀ ਲੀਡ ਨਾਲ ਜਿਤਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਹਨਾਂ ਦੱਸਿਆ ਕਿ ਆਮ ਆਦਮੀ ਪਾਰਟੀ ਦਾ ਕੋਈ ਪੰਜਾਬ ਅੰਦਰ ਵਜੂਦ ਨਹੀਂ ਹੈ ਕਿਉਂਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਪੰਜਾਬ ਦੇ ਅਸਲ ਮੁੱਦਿਆਂ ਤੇ ਭੱਜ ਰਹੇ ਹਨ। ਜਿਵੇਂ ਲੋਕ ਸਭਾ ਵਿੱਚ ਇਹਨਾਂ ਸਾਰੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ




ਇਥੋਂ ਚੱਲਦਾ ਕੀਤਾ ਹੈ ਉਸੇ ਤਰ੍ਹਾਂ ਜਿਮਨੀ ਚੋਣ ਵਿੱਚ ਵੀ ਇਹਨਾਂ ਦਾ ਹਸ਼ਰ ਲੋਕ ਸਭਾ ਵਾਲਾ ਹੀ ਹੋਵੇਗਾ। ਉਨਾਂ ਜਲੰਧਰ ਵਾਸੀਆਂ ਨੂੰ ਜੋਰਦਾਰ ਅਪੀਲ ਕੀਤੀ ਕਿ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਅਤੇ ਜਲੰਧਰ ਦੀ ਖੁਸ਼ਹਾਲੀ ਨੂੰ ਦੇਖਦੇ ਹੋਏ ਬੀਬੀ ਸੁਰਿੰਦਰ ਕੌਰ ਨੂੰ ਵੱਡੀ ਲੀਡ ਨਾਲ ਵੋਟਾਂ ਪਾ ਕੇ ਇਥੋਂ ਜਿਤਾਉਣ। ਇਸ ਮੌਕੇ ਮਹੇਸ਼ ਕੁਮਾਰ ਲੋਟਾ, ਗੁਰਮੇਲ ਸਿੰਘ ਮੌੜ, ਗੁਰਪ੍ਰੀਤ ਸਿੰਘ ਕਾਕਾ ਐਮਸੀ, ਮਨਜੀਤ ਸਿੰਘ ਗੁਰੂ, ਭੁਪਿੰਦਰ ਸਿੰਘ ਝਲੂਰ ਆਦਿ ਆਗੂ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇਨਾਂ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸੰਬਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਪੰਜਾਬ ਸਰਕਾਰ ਵੱਲੋਂ ਗੁਰਮੁੱਖ ਸਿੰਘ ਭੁਮੱਦੀ ਨੂੰ ਸਹਾਇਕ ਲੋਕ ਸੰਪਰਕ ਅ.ਫ਼ਸਰ ਵਜੋਂ ਤਰੱਕੀ ਦੇ ਕੇ ਕੀਤਾ ਗਿਆ ਪਦਉੱਨਤ

ਖੰਨਾ, (ਸੁਖਚੈਨ ਮਹਿਰਾ) ਸ਼੍ਰੀ ਗੁਰਮੁੱਖ ਸਿੰਘ ਭੁਮੱਦੀ ਨੂੰ ਪੰਜਾਬ ਸਰਕਾਰ ਦੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਵੱਲੋਂ ਤਰੱਕੀ ਦੇ ਕੇ ਸਹਾਇਕ ਲੋਕ ਸੰਪਰਕ ਅਫ਼ਸਰ (ਏ. ਪੀ. ਆਰ. ਓ ) ਵਜੋਂ ਪਦਉੱਨਤ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਸ਼੍ਰੀ ਗੁਰਮੁੱਖ ਸਿੰਘ ਭੁਮੱਦੀ ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫ਼ਸਰ ਲੁਧਿਆਣਾ ਅਤੇ ਮਲੇਰਕੋਟਲਾ ਵਿਖੇ ਬਤੌਰ ਸੀਨੀਅਰ ਸਹਾਇਕ (ਲੇਖਾ) ਦੀ ਆਸਾਮੀ ਤੇ ਸੇਵਾਵਾਂ ਨਿਭਾ ਰਹੇ ਸਨ। ਉਹ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਵਿੱਚ ਸਾਲ 2001 ਵਿੱਚ ਭਰਤੀ ਹੋਏ ਸਨ। ਉਹਨਾਂ ਨੇ ਬਤੌਰ ਸੀਨੀਅਰ ਸਹਾਇਕ (ਲੇਖਾ) ਦੇ ਪਦ ਤੇ ਲਗਭਗ 9 ਸਾਲ ਸ਼ਾਨਦਾਰ ਸੇਵਾਵਾਂ ਨਿਭਾਈਆਂ। ਇਸ ਸਮੇਂ ਦੌਰਾਨ ਉਹ ਲੁਧਿਆਣਾ, ਜਲੰਧਰ, ਨਵਾਂ ਸ਼ਹਿਰ, ਮੋਗਾ ਅਤੇ ਮਲੇਰਕੋਟਲਾ ਵਿਖੇ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾ ਚੁੱਕੇ ਹਨ।

ਪੰਜਾਬ ਸਰਕਾਰ ਦੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਵੱਲੋਂ ਉਹਨਾਂ ਦੀ ਸਮੁੱਚੀ ਕਾਰਗੁਜ਼ਾਰੀ ਅਤੇ ਇਮਾਨਦਾਰੀ ਦੇ ਆਧਾਰ ਤੇ ਉਹਨਾਂ ਨੂੰ ਸਹਾਇਕ ਲੋਕ ਸੰਪਰਕ ਅਫ਼ਸਰ ਦੀ ਉਚੇਰੀ ਆਸਾਮੀ ਤੇ ਤਰੱਕੀ ਦਿੱਤੀ ਗਈ ਹੈ।

ਸ਼੍ਰੀ ਗੁਰਮੁੱਖ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਵਿਭਾਗ ਵੱਲੋਂ ਜੋ ਉਹਨਾਂ ਨੂੰ ਸਹਾਇਕ ਲੋਕ ਸੰਪਰਕ ਅਫ਼ਸਰ ਵਜੋਂ ਤਰੱਕੀ ਦੇ ਕੇ ਪਦਉੱਨਤ ਕੀਤਾ ਗਿਆ ਹੈ, ਉਹ ਇਸ ਆਸਾਮੀ ਉੱਤੇ ਪੂਰੀ ਤਨਦੇਹੀ, ਲਗਨ ਅਤੇ ਇਮਾਨਦਾਰੀ ਨਾਲ਼ ਆਪਣੀਆਂ ਸੇਵਾਵਾਂ ਨਿਭਾਉਣਗੇ ਅਤੇ ਪੰਜਾਬ ਸਰਕਾਰ ਵੱਲੋਂ ਲੋਕਾਂ ਲਈ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ, ਪ੍ਰੋਗਰਾਮਾਂ, ਪ੍ਰਾਪਤੀਆਂ ਦਾ ਪ੍ਰਚਾਰ ਪ੍ਰਿੰਟ, ਇਲੈਕਟ੍ਰਾਨਿਕ, ਸ਼ੋਸ਼ਲ ਮੀਡੀਆ ਅਤੇ ਹੋਰ ਮਾਧਿਅਮਾਂ ਰਾਹੀਂ ਕਰਵਾਉਣਾ ਯਕੀਨੀ ਬਣਾਉਣਗੇ ਤਾਂ ਜੋ ਲੋਕ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਅਤੇ ਕੰਮਾਂ ਤੋਂ ਜਾਣੂ ਹੋ ਕੇ ਪੰਜਾਬ ਸਰਕਾਰ ਦੀਆਂ ਪਾਲਿਸੀਆਂ ਤੋਂ ਲਾਭ ਲੈ ਸਕਣ। ਉਹਨਾਂ ਵੱਲੋਂ ਪੰਜਾਬ ਸਰਕਾਰ ਅਤੇ ਵਿਭਾਗ ਦੇ ਉੱਚ ਅਧਿਕਾਰੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਹਨਾਂ ਨੇ ਉਹਨਾਂ ਨੂੰ ਸਹਾਇਕ ਲੋਕ ਸੰਪਰਕ ਅਫ਼ਸਰ ਦੀ ਆਸਾਮੀ ਉੱਤੇ ਕੰਮ ਕਰਨ ਦੇ ਯੋਗ ਸਮਝਿਆ।




ਸ਼੍ਰੀ ਗੁਰਮੁੱਖ ਸਿੰਘ ਭੁਮੱਦੀ ਦੀ ਬਤੌਰ ਸਹਾਇਕ ਲੋਕ ਸੰਪਰਕ ਅਫ਼ਸਰ ਪਦਉੱਨਤੀ ਤੇ ਉਹਨਾਂ ਨਾਲ਼ ਕੰਮ ਕਰਨ ਵਾਲ਼ੇ ਮੁਲਾਜ਼ਮਾਂ ਅਤੇ ਲੁਧਿਆਣਾ ਜ਼ਿਲ੍ਹੇ ਦੇ ਪੱਤਰਕਾਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ ਹੈ। ਉਹਨਾਂ ਕਿਹਾ ਕਿ ਸ਼੍ਰੀ ਗੁਰਮੁੱਖ ਸਿੰਘ ਮਿਹਨਤੀ, ਇਮਾਨਦਾਰ ਅਤੇ ਮਿਲਣਸਾਰ ਸ਼ਖਸ਼ੀਅਤ ਵਜੋਂ ਜਾਣੇ ਜਾਂਦੇ ਹਨ। ਉਹਨਾਂ ਨੂੰ ਪੰਜਾਬ ਸਰਕਾਰ ਅਤੇ ਵਿਭਾਗ ਵੱਲੋਂ ਜੋ ਤਰੱਕੀ ਦਿੱਤੀ ਗਈ ਹੈ, ਉਸਦੇ ਉਹ ਯੋਗ ਹਨ।

# ਅੱਜ ਸ਼ਹਿਰੀ ਫੀਡਰ ਕੋਟ ਈਸੇ ਖਾਂ ਬਿਜਲੀ ਦੀ ਸਪਲਾਈ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਬੰਦ ਰਹੇਗੀ-ਐਸ.ਡੀ.ਓ




ਕੋਟ ਈਸੇ ਖਾਂ (ਅਰੋੜਾ) ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਦੇ ਐਸ.ਡੀ.ਓ ਕਰਨੈਲ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹੋਏ ਦੱਸਿਆ ਕਿ ਅੱਜ ਬੁੱਧਵਾਰ 11 ਕੇ. ਵੀ ਕੋਟ ਈਸੇ ਖਾਂ ਸ਼ਹਿਰੀ ਫੀਡਰ ਤੋ ਚਲਦੀ ਸਾਰੀ ਬਿਜਲੀ ਸਪਲਾਈ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 6 ਵਜੇ ਤੱਕ ਬੰਦ ਰਹੇਗੀ। ਉਹਨਾਂ ਕਿਹਾ ਕਿ ਗਰਿਡ ਤੋਂ ਨਵੇਂ ਫੀਡਰ ਦੀ ਕੇਬਲ ਪਾਉਣ ਕਾਰਨ ਸਪਲਾਈ ਬੰਦ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਘਰਾ ਅੰਦਰ ਪੀਣ ਵਾਸਤੇ ਪਾਣੀ ਵਗੈਰਾ ਤੇ ਹੋਰ ਬਿਜਲੀ ਸੰਬੰਧੀ ਕੰਮ-ਕਰ ਟਾਈਮ ਨਾਲ ਪੂਰਾ ਕਰ ਲੈਣ ਤਾਂ ਜੋ ਕਿਸੇ ਨੂੰ ਕੋਈ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

# ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਮਿਹਨਤ ਸਦਕਾ ਮਿਲਿਆ ਬੈਸਟ ਪਰਫੌਰਮਿੰਗ ਡਿਸਟਰਿਕਟ ਦਾ ਅਵਾਰਡ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ)ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਨਵੀ ਦਿੱਲੀ ਅਤੇ ਨਰਕੋਟਿਕਸ ਕੰਟਰੋਲ ਬਿਊਰੋ ਵੱਲੋਂ ਸਾਂਝੇ ਤੌਰ ਤੇ ਬੱਚਿਆਂ ਵਿੱਚ ਨਸ਼ੇ ਦੀ ਦੁਰਵਰਤੋਂ ਨੂੰ ਰੋਕਣ ਲਈ ਫਰਵਰੀ 2021 ਜੁਆਇੰਟ ਐਕਸ਼ਨ ਪਲਾਨ ਏਕ ਯੁੱਧ ਨਸ਼ੇ ਕੇ ਵਿਰੁੱਧ ਤਿਆਰ ਕੀਤਾ ਗਿਆ ਸੀ ਜਿਸ ਵਿੱਚ ਬੱਚਿਆਂ ਵਿਚ ਨਸ਼ੇ ਦੀ ਦੁਰਵਰਤੋਂ ਅਤੇ ਰੋਕਥਾਮ ਕਰਨ ਲਈ ਉਲੀਕੀਆ ਗਤੀਵਿਧੀਆਂ ਉਲੀਕੀਆਂ ਸਦਕੇ ਜਿਲਾ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਨੂੰ ਬੈਸਟ ਪਰਫੌਰਮਿੰਗ ਡਿਸਟਰਿਕਟ ਦਾ ਅਵਾਰਡ ਮਿਲਣ ਤੇ ਡਿਪਟੀ ਕਮਿਸ਼ਨਰ ਨੇ ਸਿਵਲ ਅਤੇ ਪੁਲਿਸ ਅਧਿਕਾਰੀਆਂ ਦੀ ਸ਼ਲਾਘਾ ਕੀਤੀ। ਇਸ ਦੌਰਾਨ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਏ ਇਕ ਸਾਦੇ ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਸਿਵਿਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਮਿਹਨਤ ਕਰਕੇ ਜਿਲ੍ਹੇ ਨੂੰ ਇਹ ਅਵਾਰਡ ਮਿਲਿਆ ਹੈ। ਐਸਐਸਪੀ ਡਾ. ਮਹਿਤਾਬ ਸਿੰਘ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਵਿਗਿਆਨ ਭਵਨ ਨਵੀਂ ਦਿੱਲੀ ਵਿੱਚ ਮਿਤੀ 30 ਜੂਨ ਨੂੰ ਹੋਏ ਸਮਾਗਮ ਦੌਰਾਨ ਸਟੇਟ ਹੋਮ ਮਿਨਿਸਟਰ ਸ਼੍ਰੀ ਨਿਤਿਆਨੰਦ ਰਾਏ ਜੀ ਅਤੇ ਰਾਸ਼ਟਰੀ ਬਾਲ ਅਧਿਕਾਰ ਕਮਿਸ਼ਨ ਨਵੀ ਦਿੱਲੀ ਦੇ ਚੇਅਰਪਰਸਨ ਸ੍ਰੀ ਪ੍ਰਯੰਕ ਕਾਨੂਨਗੋ ਵੱਲੋਂ ਐਸ.ਡੀ.ਐਮ. ਨਵਾਂਸ਼ਹਿਰ ਅਕਸ਼ਿਤਾ ਗੁਪਤਾ, ਸਹਾਇਕ ਕਮਿਸ਼ਨਰ ਜਨਰਲ ਗੁਰਲੀਨ ਕੌਰ ਅਤੇ ਜ਼ਿਲਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਨੂੰ ਜਿਲਾ ਨਵਾਂ ਸ਼ਹਿਰ ਲਈ ਬੈਸਟ ਪਰਫੌਰਮਿੰਗ ਅਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ। ਉਨਾਂ ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾਂ ਕਰਦਿਆਂ ਕਿਹਾ ਕਿ ਉਪਰੋਕਤ ਜੁਆਇੰਟ ਐਕਸ਼ਨ ਪਲਾਨ ਨੂੰ ਤਕਰੀਬਨ ਪਿਛਲੇ ਤਿੰਨ ਸਾਲਾਂ ਤੋਂ ਜਿਲੇ ਵਿੱਚ ਲਾਗੂ ਕੀਤਾ ਜਾ ਰਿਹਾ ਹੈ ਅਤੇ ਇਸ ਐਕਸ਼ਨ ਪਲਾਨ ਨੂੰ ਲਾਗੂ ਕਰਨ ਲਈ ਸਿੱਖਿਆ ਵਿਭਾਗ,ਸਿਹਤ ਵਿਭਾਗ, ਬਾਲ ਸੁਰੱਖਿਆ ਵਿਭਾਗ, ਐਕਸਾਈਜ਼ ਵਿਭਾਗ,ਬਾਲ ਭਲਾਈ ਕਮੇਟੀ, ਜਿਲਾ ਡਰੱਗ ਕੰਟਰੋਲ ਅਥੋਰਿਟੀ ਦੇ ਨਾਲ ਨਾਲ ਪੁਲਿਸ ਵਿਭਾਗ ਨੇ ਆਪਣਾ ਯੋਗਦਾਨ ਦਿੱਤਾ ਹੈ ਅਤੇ ਜਿਲਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਬੱਚਿਆਂ ਵਿਚ ਨਸ਼ੇ ਦੀ ਦੁਰਵਰਤੋਂ ਅਤੇ ਰੋਕਥਾਮ ਕਰਨ ਲਈ ਵੱਧ ਤੋਂ ਵੱਧ ਗਤੀਵਿਧੀਆਂ ਉਲੀਕੀਆਂ ਗਈਆਂ ਹਨ ਜਿਸਦੇ ਸਦਕੇ ਜਿਲਾ ਨਵਾਂ ਸ਼ਹਿਰ ਨੂੰ ਬੈਸਟ ਪਰਫੌਰਮਿੰਗ ਡਿਸਟਰਿਕਟ ਐਲਾਨਿਆ ਗਿਆ ਹੈ। ਉਹਨਾਂ ਨੇ ਕਿਹਾ ਕਿ ਜ਼ਿਲ੍ਹਾ ਮੈਜੀਸਟਰੇਟ ਵੱਲੋਂ ਸੀਆਰਪੀਸੀ ਦੇ ਸੈਕਸ਼ਨ 133 ਅਧੀਨ ਜਿਲੇ ਵਿੱਚ ਆਉਂਦੀਆਂ ਸਾਰੀਆਂ ਮੈਡੀਕਲ/ ਫਾਰਮੇਸੀ ਦੁਕਾਨਾਂ ਨੂੰ ਹੁਕਮ ਕੀਤੇ ਹਨ ਕਿ ਸ਼ੀਡਿਊਲ ਐਕਸ ਐਚ ਅਤੇ ਐਚ ਵਨ ਅਧੀਨ ਆਉਂਦੀਆਂ ਦਵਾਈਆਂ ਦੀ ਵਿਕਰੀ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਨਾ ਕੀਤੀ ਜਾਵੇ ਅਤੇ ਸਾਰੇ ਮੈਡੀਕਲ /ਫਾਰਮੇਸੀ ਦੁਕਾਨਾਂ ਤੇ ਸੀਸੀਟੀਵੀ ਕੈਮਰੇ ਇੰਸਟਾਲ ਕੀਤੇ ਜਾਣ ਜਿਸਦੇ ਚਲਦਿਆਂ ਜਿਲੇ ਵਿੱਚ ਲਗਭਗ 195 ਦੁਕਾਨਾਂ ਵਿੱਚ ਸੀਸੀਟੀਵੀ ਕੈਮਰੇ ਲਗਵਾਏ ਜਾ ਚੁੱਕੇ ਹਨ 498 ਤੋਂ ਜਿਆਦਾ ਦੁਕਾਨਾਂ ਦੀ ਇੰਸਪੈਕਸ਼ਨ ਵੀ ਕੀਤੀ ਜਾ ਚੁੱਕੀ ਹੈ। ਸਿੱਖਿਆ ਵਿਭਾਗ ਵਿੱਚ ਸੈਕੰਡਰੀ ਸਕੂਲਾਂ ਵਿੱਚ 106 ਪ੍ਰਹਾਰੀ ਕਲੱਬਾਂ ਦਾ ਗਠਨ ਕੀਤਾ ਜਾ ਚੁੱਕਾ ਹੈ ਜੋ ਕਿ ਬੱਚਿਆਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਵੱਖ-ਵੱਖ ਗਤੀਵਿਧੀਆਂ




(ਜਿਵੇਂ ਕਿ ਪੇਂਟਿੰਗ ਮੁਕਾਬਲੇ ਗੀਤ ਕੰਪੀਟੀਸ਼ਨ ਭਾਸ਼ਣ ਮੁਕਾਬਲੇ ਅਤੇ ਰੈਲੀਆਂ) ਕਰਵਾਉਂਦੇ ਹਨ ਜਿਸ ਨਾਲ ਬੱਚਿਆਂ ਨੂੰ ਨਸ਼ਿਆਂ ਦੇ ਦੁਰਪ੍ਰਭਾਵਾਂ ਅਤੇ ਨਸ਼ੇ ਤੋਂ ਦੂਰ ਰਹਿਣ ਸਬੰਧੀ ਜਾਗਰੂਕ ਕੀਤਾ ਜਾਂਦਾ ਹੈ ਇਨਾ ਪ੍ਰਹਾਰੀ ਕਲੱਬਾਂ ਵੱਲੋਂ ਪਿਛਲੇ ਦੋ ਸਾਲਾਂ ਦੌਰਾਨ 2544 ਗਤੀਵਿਧੀਆਂ ਸਕੂਲਾਂ ਵਿੱਚ ਕਰਵਾਈਆਂ ਗਈਆ ਹਨ ਅਤੇ ਪੁਲਿਸ ਵਿਭਾਗ ਵੱਲੋਂ ਵੀ ਲਗਭਗ 32 ਟ੍ਰੇਨਿੰਗ ਪ੍ਰੋਗਰਾਮ ਕਰਵਾਏ ਜਾ ਚੁੱਕੇ ਹਨ। ਜਿਲਾ ਬਾਲ ਸੁਰੱਖਿਆ ਵਿਭਾਗ ਵੱਲੋਂ ਪਿਛਲੇ ਦੋ ਸਾਲਾਂ ਵਿੱਚ ਉਪਰੋਕਤ ਅਨੁਸਾਰ ਐਕਸ਼ਨ ਪਲਾਨ ਨੂੰ ਲਾਗੂ ਕਰਦੇ ਹੋਏ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਬੱਚਿਆਂ ਨੂੰ ਨਸ਼ਿਆਂ ਦੀ ਦੁਰਵਰਤੋਂ ਤੋਂ ਦੂਰ ਰੱਖਣ ਲਈ 183 ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ ਹਨ ਅਤੇ ਪਿੰਡ ਤੇ ਬਲਾਕ ਪੱਧਰ ਤੇ ਗਠਿਤ ਕੀਤੀਆਂ ਗਈਆਂ ਬਾਲ ਸੁਰੱਖਿਆ ਕਮੇਟੀਆਂ ਨੂੰ ਵੀ ਬੱਚਿਆਂ ਵਿੱਚ ਨਸ਼ੇ ਦੀ ਦੁਰਵਰਤੋਂ ਅਤੇ ਉਸਦੀ ਰੋਕਥਾਮ ਕਰਨ ਲਈ ਨੁੱਕਰ ਨਾਟਕ ਕਰਵਾਏ ਗਏ ਹਨ ਇਸ ਦੇ ਨਾਲ ਹੀ ਜਿਲਾ ਸਮਾਜਿਕ ਸੁਰੱਖਿਆ ਦਫਤਰ ਵੱਲੋਂ 150 ਜਾਗਰੂਕਤਾ ਕੈਂਪ ਲਗਾਏ ਗਏ ਹਨ ਤਾਂ ਕਿ ਵੱਧ ਤੋਂ ਵੱਧ ਜਨਤਾ ਨੂੰ ਇਸ ਸਬੰਧੀ ਜਾਗਰੂਕ ਕੀਤਾ ਜਾ ਸਕੇ। ਜਿਲੇ ਅਧੀਨ ਆਉਣ ਵਾਲੇ ਸਾਰੇ ਸਰਕਾਰੀ ਸਕੂਲਾਂ ਦੇ 100 ਮੀਟਰ ਦੀ ਦੂਰੀ ਵਿੱਚ ਕਿਸੇ ਤਰ੍ਹਾਂ ਦੀ ਨਸ਼ੇ ਸ਼ਰਾਬ ਆਦਿ ਦੀ ਵਿਕਰੀ ਨਹੀਂ ਹੋ ਰਹੀ ਹੈ। ਇਸ ਦੌਰਾਨ ਐਸਐਸਪੀ ਡਾ. ਮਹਿਤਾਬ ਸਿੰਘ ਨੇ ਕਿਹਾ ਕਿ ਨਸ਼ਿਆਂ ਤੇ ਠੱਲ ਪਾਉਣ ਲਈ ਪੁਲਿਸ ਵਿਭਾਗ ਸਖਤੀ ਦੇ ਨਾਲ ਕੰਮ ਕਰ ਰਿਹਾ ਹੈ। 70 ਦੇ ਕਰੀਬ ਐਨ.ਡੀ.ਪੀ.ਐਸ ਐਕਟ ਦੇ ਤਹਿਤ ਪਰਚੇ ਕੱਟ ਕੇ ਕਾਰਵਾਈ ਕੀਤੀ ਗਈ। ਨਸ਼ੇ ਵੇਚਣ ਵਾਲਾ ਦੇ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਉੱਥੇ ਕ੍ਰਿਕਟ ਮੈਚ ਅਤੇ ਸਾਈਕਲ ਰੈਲੀਆਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੇ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਸਮੇਂ ਸਮੇਂ ਸਿਰ ਸਕੂਲਾਂ ਅਤੇ ਕਾਲਜਾਂ ਦੇ ਵਿੱਚ ਨਾਟਕ ਅਤੇ ਹੋਰ ਪ੍ਰੋਗਰਾਮ ਕਰਵਾ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕ ਕੀਤਾ ਜਾਂਦਾ ਰਿਹਾ ਹੈ। ਉਹਨਾਂ ਨੇ ਕਿਹਾ ਕਿ ਵਿਭਾਗ ਵੱਲੋਂ 193 ਦੇ ਕਰੀਬ ਸੈਮੀਨਾਰ ਵੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕੇ। ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰਾਜੀਵ ਵਰਮਾ (ਪੀ.ਸੀ.ਐਸ) ਵੱਲੋਂ ਕਿਹਾ ਗਿਆ ਕਿ ਬੱਚਿਆਂ ਦੀ ਸੁਰੱਖਿਆ ਅਤੇ ਬੱਚਿਆਂ ਵਿੱਚ ਨਸ਼ੇ ਦੀ ਰੋਕਥਾਮ ਲਈ ਇਸ ਐਕਸ਼ਨ ਪਲਾਨ ਨੂੰ ਲਾਗੂ ਕਰਨ ਵਿੱਚ ਸਮੂਹ ਵਿਭਾਗਾਂ ਨੇ ਆਪਣਾ ਆਪਣਾ ਯੋਗਦਾਨ ਦਿੱਤਾ ਹੈ ਜੋ ਕਿ ਸ਼ਲਾਂਗਾ ਯੋਗ ਹੈ ਅਤੇ ਕਮਿਸ਼ਨ ਵੱਲੋਂ ਜਿਲੇ ਨੂੰ ਬੈਸਟ ਪਰਫੌਰਮਿੰਗ ਡਿਸਟਰਿਕਟ ਐਲਾਨਿਆ ਜਾਣਾ ਸਾਡੇ ਲਈ ਮਾਣ ਦੀ ਗੱਲ ਹੈ ਇਸ ਲਈ ਆਉਣ ਵਾਲੇ ਭਵਿੱਖ ਵਿੱਚ ਵੀ ਲੋੜਵੰਦ ਅਤੇ ਬੇਸਹਾਰਾ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਮੂਹ ਵਿਭਾਗਾਂ ਵੱਲੋਂ ਇਸੇ ਤਰਾਂ ਆਪਣਾ ਯੋਗਦਾਨ ਦਿੱਤਾ ਜਾਵੇ।

# ਜ਼ਿੰਮੇਵਾਰੀਆਂ

ਸਿਰ ਉੱਤੇ ਪੈਣ ਜਦੋਂ ਜ਼ਿੰਮੇਵਾਰੀਆਂ।
ਪੈਰ-ਪੈਰ ਉੱਤੇ ਆਉਣ ਦੁਸ਼ਵਾਰੀਆਂ।

ਹੌਂਸਲੇ ਦੇ ਨਾਲ ਹੋਣ ਹੱਲ ਮਸਲੇ।
ਹਿੰਮਤਾਂ ਦੇ ਨਾਲ ਘਟ ਜਾਣ ਫ਼ਾਸਲੇ।

ਔਕੜਾਂ ਨੂੰ ਵੇਖ ਕਦੇ ਨਹੀਓਂ ਡਰਨਾ।
ਹੱਥ ਉੱਤੇ ਹੱਥ ਰੱਖ ਨਹੀਓਂ ਸਰਨਾ।

ਐਸੇ ਮੌਕਿਆਂ ਤੇ ਕੰਮ ਆਉਣ ਯਾਰੀਆਂ।
ਹੌਲੀਆਂ ਹੋ ਜਾਣ ਦਿੱਕਤਾਂ ਜੋ ਭਾਰੀਆਂ।

ਲੱਕ ਬੰਨ੍ਹ ਮੂਹਰੇ ਲਾ ਲੈਣਾ ਹੈ ਕੰਮ ਨੂੰ।
ਮਿੱਟੀ ਘੱਟੇ ਵਿੱਚ ਝੋਕ ਦੇਣਾ ਤਨ ਨੂੰ।

ਜਾਨ ਹੂਲ ਕੇ ਹੀ ਪੈਂਦੀ ਥਾਂਇੰ ਘਾਲ ਜੀ।
ਜ਼ਿੰਦਗੀ ਮਿਲਾਵੇ ਤਾਲ ਨਾਲ ਤਾਲ ਜੀ।

ਜ਼ਿੰਮੇਵਾਰੀਆਂ ਨੂੰ ਸਮਝੋ ਨਾ ਭਾਰ ਹੈ।
ਇਹਦੇ ਨਾਲ ਬੰਦਾ ਬਣੇ ਜ਼ਿੰਮੇਵਾਰ ਹੈ।

ਹੌਸਲੇ ਚ ਹਨ ਸਾਰੇ ਨਰ-ਨਾਰੀਆਂ।
ਪਾਰ ਹੁੰਦੇ ਜਿਨ੍ਹਾਂ ਹਿੰਮਤਾਂ ਨਾ ਹਾਰੀਆਂ।

***



* ਪ੍ਰੋ. ਨਵ ਸੰਗੀਤ ਸਿੰਘ
# ਅਕਾਲ ਯੂਨੀਵਰਸਿਟੀ,
ਤਲਵੰਡੀ ਸਾਬੋ-
151302 (ਬਠਿੰਡਾ)

# ਗਜ਼ਲ

ਅੱਗ ਬਬੂਲਾ ਹੋ ਕੇ ਪਿੱਛੇ ਹਟਿਆ ਹੈ,
ਭੁੱਬੀ-ਭੁੱਬੀ ਰੋ ਕੇ ਪਿੱਛੇ ਹਟਿਆ ਹੈ।
ਇਸ ਤਰ੍ਹਾਂ ਦੇ ਯਰਾਨੇ ਕੀ ਕਰਨੇ ਨੇ,
ਜ਼ਖ਼ਮ ਪੁਰਾਣੇਂ ਧੋ ਕੇ ਪਿੱਛੇ ਹਟਿਆ ਹੈ।
ਏਨਾਂ ਵੀਂ ਉਹ ਬੁੱਧੂ ਤੇ ਨਾਦਾਨ ਨਹੀਂ,
ਅਪਣਾ ਹਿੱਸਾ ਖੋ ਕੇ ਪਿੱਛੇ ਹਟਿਆ ਹੈ।
ਸੂਰਜ ਪਹਿਲਾਂ ਕੱਲੇ-ਕੱਲੇ ਤਾਰੇ ਨੂੰ,
ਅੰਬਰ ਵਿੱਚ ਪਿਰੋ ਕੇ ਪਿੱਛੇ ਹਟਿਆ ਹੈ।
ਐਵੇਂ ਨਈਂ ਇਹ ਦੀਵਾ ਲਟ-ਲਟ ਬਲ ਰਿਹਾ,
ਨੇਰ੍ਹੀ ਵਿੱਚ ਖਲੋ ਕੇ ਪਿੱਛੇ ਹਟਿਆ ਹੈ।
ਟੁੱਟੇ ਹੋਏ ਰਿਸ਼ਤੇ ਵਾਲੀ ਇਕ ਪੀੜਾ,
ਅੱਖਾਂ ਵਿੱਚ ਲਕੋ ਕੇ ਪਿੱਛੇ ਹਟਿਆ ਹੈ।
ਮਾਰੂਥਲ ਦੇ ਨਾਲ ਯਰਾਨੇ ਪਾਏ ਕੀ ?
ਬਾਲਮ ਬਾਰਿਸ਼ 'ਚੋਂ ਕੇ ਪਿੱਛੇ ਹਟਿਆ ਹੈ।

ਬਲਵਿੰਦਰ ਬਾਲਮ ਗੁਰਦਾਸਪੁਰ
ਓਂਕਾਰ ਨਗਰ ਗੁਰਦਾਸਪੁਰ ਪੰਜਾਬ

# ਗਜ਼ਲ

ਗਲ੍ਹਵਕੜੀ ਵਿੱਚ ਧੁੱਪਾਂ ਛਾਵਾਂ ਵੇਖਾਂਗੇ।
ਤੇਰੇ ਘਰ ਦਾ ਵੀ ਸਿਰਨਾਵਾਂ ਵੇਖਾਂਗੇ।
ਇੱਕ ਵਾਰੀ ਤੂੰ ਆ ਕੇ ਵੇਖ ਸਹੀ ਕਿਧਰੇ,
ਪਲਕਾਂ ਉੱਤੇ ਰਖ ਕੇ ਰਾਵ੍ਹਾਂ ਵੇਖਾਂਗੇ।
ਪੁੱਤ ਗਏ ਪ੍ਰਦੇਸ਼ ਕਿਵੇਂ ਕੀ ਹਾਲਤ ਹੈ ?
ਪਿੰਡ 'ਚ ਕੱਲੀਆਂ ਰਹਿੰਦੀਆਂ ਮਾਵਾਂ ਵੇਖਾਂਗੇ।
ਜਿੱਥੇ ਤੇਰੇ ਮੇਰੇ ਸਾਹਾਂ ਦੀ ਗਾਥਾ।
ਮੁਦਤ ਪਿੱਛੋਂ ਜਾ ਕੇ ਥਾਵਾਂ ਵੇਖਾਂਗੇ।
ਰਾਮ ਲਕਛਮਣ ਵਾਲੀ ਪਿਆਰ ਕਹਾਣੀ ਵਿੱਚ,
ਕਿੰਝ ਦੀਆਂ ਨੇ ਭਰਤ-ਖੜ੍ਹਾਵਾਂ ਵੇਖਾਂਗੇ।
ਅੰਬਰ ਛੂਹ ਕੇ ਬੋਅ ਹੋ ਕੇ ਜੋ ਆਈ ਹੈ,
ਪਾਟੀ ਗੁੱਡੀ ਵਿੱਚ ਤਨਾਵਾਂ ਵੇਖਾਂਗੇ।
ਦੀਪ ਜਗਾ ਕੇ ਰਖਿਆ ਦਿਲ ਦੀ ਮਮਟੀ ਤੇ,
ਤੇਰੇ ਸਾਹ ਦੀਆਂ ਤੇਜ਼ ਹਵਾਵਾਂ ਵੇਖਾਂਗੇ।
ਬਚਪਨ ਠਾਠ ਜਵਾਨੀ ਵਿੱਚ ਜੋ ਨੇੜੇ ਸੀ,
ਵਿੱਚ ਬੁਢਾਪੇ ਜਾ ਕੇ ਬਾਵ੍ਹਾਂ ਵੇਖਾਂਗੇ।
ਇੱਕ ਨਦੀ ਨੂੰ ਛੂਹ ਸਕਦਾ ਪਾ ਸਕਦਾ ਨਈਂ,
ਚੰਨ ਦੇ ਚਾਨਣ ਅੰਦਰ ਹਾਵ੍ਹਾਂ ਵੇਖਾਂਗੇ।
ਵਰ੍ਹ ਜਾਂਦੀਆਂ ਨੇ ਜਾਂ ਫਿਰ ਸੁੱਕੀਆਂ ਤੁਰ ਜਾਂਦੀਆਂ,
ਮਾਰੂਥਲ ਦੇ ਵਿੱਚ ਘਟਾਵਾਂ ਵੇਖਾਂਗੇ।
ਕਹਿੰਦੇ ਸੂਰਜ ਤੇਰੇ ਹਾਸੇ ਵਿਚ ਵੱਸਦਾ,
ਤੇਰੀਆਂ ਤੜਕੇ ਸ਼ੋਖ਼ ਅਦਾਵਾਂ ਵੇਖਾਂਗੇ।
ਜਿਨ੍ਹਾਂ ਦੀ ਖ਼ੁਸ਼ਬੂ ਨੇ ਬਾਲਮ ਲੁੱਟਿਆ ਸੀ,
ਕਿੰਝ ਦੇ ਨੇ ਉਹ ਫੁੱਲ ਖ਼ਿਜ਼ਾਵਾਂ ਵੇਖਾਂਗੇ।

ਬਲਵਿੰਦਰ ਬਾਲਮ ਗੁਰਦਾਸਪੁਰ
ਓਂਕਾਰ ਨਗਰ ਗੁਰਦਾਸਪੁਰ ਪੰਜਾਬ

# ਗਜ਼ਲ

ਯਾਰਾਂ ਨਾਲ ਨਿਭਾਉਣੀ ਪੈਂਦੀ।
ਡੋਰ ਪਤੰਗ ਨਾਲ ਲਾਉਣੀ ਪੈਂਦੀ।
ਖੇਵਨਹਾਰੇ ਦੀ ਮਰਜ਼ੀ ਨਾਲ।
ਬੇੜੀ ਪਾਰ ਲਗਾਉਣੀ ਪੈਂਦੀ।
ਕੱਖਾਂ ਦੀ ਕੁੱਲੀ ਹੋਵੇ ਤਾਂ,
ਬਾਰਿਸ਼ ਵਿੱਚ ਬਚਾਉਣੀ ਪੈਂਦੀ।
ਰੁੱਤ ਜਵਾਨੀ ਫਿਰ ਨਈਂ ਆਉਂਦੀ,
ਇੱਕੋ ਵਾਰ ਹੰਢਾਉਣੀ ਪੈਂਦੀ।
ਸ਼ਬਨਮ ਤੇ ਕਿਰਣਾਂ ਦਾ ਰਿਸ਼ਤਾ,
ਇਸ਼ਕ 'ਚ ਜਿੰਦ ਤੜਪਾਉਣੀ ਪੈਂਦੀ।
ਟਿਪ-ਟਿਪ ਬਾਰਿਸ਼ ਚੰਗੀ ਲਗਦੀ,
ਕੱਖਾਂ ਦੀ ਅੱਗ ਬੁਝਾਉਣੀ ਪੈਂਦੀ।
ਅੰਤ ਸਮਾਂ ਹੀ ਸੁੰਦਰ ਹੁੰਦਾ,
ਅਰਥੀ ਖ਼ੂਬ ਸਜਾਉਂਦੀ ਪੈਂਦੀ।
ਤਨ ਦੀ ਇਹੋ ਪਰਿਭਾਸ਼ਾ ਹੈ,
ਲਾ ਕੇ ਅੱਗ ਬੁਝਾਉਣੀ ਪੈਂਦੀ।
ਲਫ਼ਜ਼ਾਂ ਨਾਲ ਨਈਂ ਅੱਖਾਂ ਨਾਲ,
ਵਿਚਲੀ ਗੱਲ ਸਮਝਾਉਣੀ ਪੈਂਦੀ।
ਬਾਲਮ ਔਖਾ ਲਿਖਿਆ ਨਾ ਕਰ,
ਗਜ਼ਲ ਤਿਰੀ ਸਮਝਾਉਣੀ ਪੈਂਦੀ।

ਬਲਵਿੰਦਰ ਬਾਲਮ ਗੁਰਦਾਸਪੁਰ
ਓਂਕਾਰ ਨਗਰ ਗੁਰਦਾਸਪੁਰ ਪੰਜਾਬ

# ਜਨਮ ਦਿਨ ਮੁਬਾਰਕ



ਤੁਸ਼ਵ ਸਚਦੇਵਾ
ਲੁਧਿਆਣਾ

# ਕੁਦਰਤ

ਕੁਦਰਤ ਦੀ ਕੀ ਗੱਲ ਸੁਣਾਵਾਂ, ਕੁਦਰਤ ਬੜੀ ਨਿਆਰੀ।
ਜੰਗਲ, ਪਰਬਤ, ਨਦੀਆਂ, ਸਾਗਰ, ਕੁਦਰਤ ਲੱਗੇ ਪਿਆਰੀ।

ਖਾਣੀਆਂ, ਬਾਣੀਆਂ ਕੁਦਰਤ ਵਿੱਚ ਨੇ, ਕੁਦਰਤ ਹੈ ਚਹੁੰ-ਪਾਸੇ
ਧਰਤ-ਆਕਾਸ਼ ਇਸੇ ਨੂੰ ਕਹਿੰਦੇ, ਕੁਦਰਤ ਦੀ ਸਰਦਾਰੀ।

ਬਾਬੇ ਨਾਨਕ ਵਾਰ ਆਸਾ ਵਿੱਚ, ਕੁਦਰਤ ਦਾ ਜੱਸ ਗਾਇਆ
ਕੁਦਰਤ ਵਿੱਚ ਸਾਰੇ ਜੀਅ ਜੰਤੂ, ਏਸੇ ਵਿੱਚ ਨਰ-ਨਾਰੀ।

ਗਰਮੀ, ਸਰਦੀ, ਪਤਝੜ ਜਾਂ, ਫਿਰ ਹੋਏ ਬਸੰਤ ਦਾ ਮੌਸਮ
ਤਪਦੀ ਧਰਤੀ, ਮੱਚਦਾ ਸੂਰਜ, ਕੁਦਰਤ ਮੇਘ ਮਲਾਰੀ।

ਬੰਦੇ ਅੱਡ-ਅੱਡ ਕੰਮੀਂ ਰੁੱਝੇ, ਇਹ ਕੁਦਰਤ ਦੀ ਮਾਇਆ
ਕੁਦਰਤ ਨੇ ਹੈ ਬਖ਼ਸ਼ੀ ਮੇਰੀ, ਕਲਮ ਨੂੰ ਸ਼ਕਤੀ ਭਾਰੀ।

ਮਾਸਾਹਾਰੀ, ਸ਼ਾਕਾਹਾਰੀ, ਜਾਂ ਫਿਰ ਪੌਣ-ਆਹਾਰੀ
ਕੁਦਰਤ ਦਾ ਹੀ ਖੇਲ ਹੈ ਸਾਰਾ, ਪੰਛੀ ਲਾਉਣ ਉਡਾਰੀ।

ਕੁਦਰਤ ਦਿੱਸਦੀ, ਕੁਦਰਤ ਸੁਣਦੀ, ਕੁਦਰਤ ਹੈ ਕਰਤਾਰੀ
ਕੁਦਰਤ ਦੇ ਨੇ ਚੋਜ ਨਿਰਾਲੇ, ਮੈਂ ਜਾਵਾਂ ਬਲਿਹਾਰੀ।



* ਪ੍ਰੋ. ਨਵ ਸੰਗੀਤ ਸਿੰਘ
# ਅਕਾਲ ਯੂਨੀਵਰਸਿਟੀ,
ਤਲਵੰਡੀ ਸਾਬੋ-
151302 (ਬਠਿੰਡਾ)

# ਡਿਪਟੀ ਕਮਿਸ਼ਨਰ ਨੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਂਟ ਕਰਨ ਉਪਰੰਤ ਲਗਾਇਆ ਪੌਦਾ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ/ਮਨਪ੍ਰੀਤ ਵਾਸੂ) ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ, ਆਈ.ਏ.ਐਸ. ਨੇ ਅੱਜ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਅਜਾਇਬ ਘਰ ਦੇ ਨਾਲ-ਨਾਲ ਸ਼ਹੀਦ ਭਗਤ ਸਿੰਘ ਦੇ ਜੱਦੀ ਘਰ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ ਤਿਆਰ ਕੀਤੇ ਗਏ ਬਰੋਸ਼ਰ ਅਤੇ ਪੋਰਟਰੇਟ ਨੂੰ ਰਲੀਜ ਕੀਤਾ। ਉਨ੍ਹਾਂ ਕਿਹਾ ਕਿ ਇਹ ਬ੍ਰੋਸ਼ਰ ਅਤੇ ਪੋਰਟਰੇਟ ਪੰਜਾਬ ਦੇ ਸੱਭਿਆਚਾਰ ਅਤੇ ਵਿਰਸੇ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਬਣਾਇਆ ਗਿਆ। ਡਿਪਟੀ ਕਮਿਸ਼ਨਰ ਨੇ ਇਸ ਤੋਂ ਪਹਿਲਾਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਂਟ ਕਰਕੇ ਨਮਨ ਕੀਤਾ ਅਤੇ ਅਜਾਇਬ ਘਰ ਦੇ ਬਾਹਰ ਪੌਦਾ ਵੀ ਲਗਾਇਆ ਗਿਆ। ਇਸ ਮੌਕੇ 'ਤੇ ਉਨ੍ਹਾਂ ਨਾਲ ਐਸ.ਡੀ.ਐਮ. ਬੰਗਾ ਵਿਕਰਮਜੀਤ ਸਿੰਘ ਪੰਥੇ, ਸਹਾਇਕ ਕਮਿਸ਼ਨਰ ਜਨਰਲ ਗੁਰਲੀਨ ਕੌਰ, ਗੁੱਡ ਗਵਰਨਸ ਫੈਲੋ ਅਸ਼ਮੀਤਾ ਪਰਮਾਰ ਹਾਜ਼ਰ ਸਨ। ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਬ੍ਰੋਸ਼ਰ ਅਤੇ ਪੋਰਟਰੇਟ ਨੂੰ ਜਾਰੀ ਕਰਨ ਉਪਰੰਤ ਕਿਹਾ ਕਿ ਉੱਘੇ ਲੇਖਕ ਅਤੇ ਕੁਦਰਤ ਕਲਾਕਾਰ ਹਰਪ੍ਰੀਤ ਸੰਧੂ ਐਡਵੋਕੇਟ ਦੁਆਰਾ ਸੰਕਲਿਤ ਚਿੱਤਰਕਾਰੀ ਬਰੋਸ਼ਰ ਅਜਾਇਬ ਘਰ ਦੀ ਇਤਿਹਾਸਕ ਅਤੇ ਦੇਸ਼ ਭਗਤੀ ਦੀ ਝਲਕ ਨੂੰ ਉਜਾਗਰ ਕਰਦਾ ਹੈ ਅਤੇ ਅਜਾਇਬ ਘਰ ਬਾਰੇ ਆਮ ਜਾਣਕਾਰੀ ਦੇ ਨਾਲ ਨਾਲ ਪੰਜਾਬ ਦੇ ਨਾਗਰਿਕਾਂ ਨੂੰ ਅਜਾਇਬ ਘਰ ਦੇਖਣ ਅਤੇ ਸਿੱਖਿਆ ਲੈਣ ਲਈ ਉਤਸ਼ਾਹਿਤ ਕਰਨ ਵਿੱਚ ਵੀ ਮਦਦ ਕਰੇਗੀ। ਉਨ੍ਹਾਂ ਅੱਗੇ ਕਿਹਾ ਕਿ




ਅਜਾਇਬ ਘਰ ਯਾਦਗਾਰਾਂ ਵਜੋਂ ਚਿੰਨ੍ਹਿਤ ਕੀਤੇ ਜਾਂਦੇ ਹਨ ਜੋ ਸਮਾਜ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਸਾਨੂੰ ਇਤਿਹਾਸਕ ਤੱਥਾਂ, ਸੱਭਿਆਚਾਰਕ ਅਤੇ ਸਮਾਜਿਕ ਘਟਨਾਵਾਂ ਬਾਰੇ ਚਾਨਣਾ ਪਾਉਂਦੇ ਹਨ ਜੋ ਤੁਹਾਨੂੰ ਸ਼ਾਨਦਾਰ ਵਿਰਸੇ ਦੇ ਅਨੋਖੇ ਸੁਹਜ ਵੱਲ ਵਾਪਸ ਲੈ ਜਾਂਦੇ ਹਨ। ਅਜਾਇਬ ਘਰ ਸਮਾਜ ਦੇ ਅੰਦਰ ਅਮੀਰ ਵਿਰਾਸਤ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਸਾਡੀਆਂ ਜੜ੍ਹਾਂ ਨਾਲ ਜੁੜੇ ਰਹਿਣ ਵਿੱਚ ਸਾਡੀ ਮਦਦ ਕਰਦੇ ਹਨ। ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਜ਼ਿਲ੍ਹਾ ਪ੍ਰਸ਼ਾਸਨ ਸ਼ਹੀਦ ਭਗਤ ਸਿੰਘ ਨਗਰ ਦੇ ਸਹਿਯੋਗ ਨਾਲ ਖਟਕੜ ਕਲਾਂ ਦੇ ਅਜਾਇਬ ਘਰ ਦੀ ਮਹੱਤਤਾ ਨੂੰ ਦਰਸਾਉਂਦੀ ਚਿੱਤਰ ਕਲਾ ਦੇ ਕੰਮ ਨੂੰ ਸੰਕਲਿਤ ਕਰਨ ਲਈ ਉੱਘੇ ਲੇਖਕ, ਵਿਰਾਸਤੀ ਪ੍ਰਮੋਟਰ ਅਤੇ ਸਾਬਕਾ ਵਧੀਕ ਐਡਵੋਕੇਟ ਜਨਰਲ ਹਰਪ੍ਰੀਤ ਸੰਧੂ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਦੱਸਿਆ ਕਿ ਇਹ ਜਾਣਕਾਰੀ ਭਰਪੂਰ ਤਸਵੀਰਾਂ ਵਾਲੇ ਬਰੋਸ਼ਰ ਵਜੋਂ ਖਟਕੜ ਕਲਾਂ, ਐਸ.ਬੀ.ਐਸ. ਨਗਰ ਵਿੱਚ ਸ਼ਾਨਦਾਰ ਅਜਾਇਬ ਘਰ ਅਤੇ ਸ਼ਹੀਦ ਭਗਤ ਸਿੰਘ ਦੇ ਜੱਦੀ ਘਰ ਨੂੰ ਉਜਾਗਰ ਕਰਦਾ ਹੈ।ਲੇਖਕ ਹਰਪ੍ਰੀਤ ਸੰਧੂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਐਸ.ਬੀ.ਐਸ.ਨਗਰ ਵੱਲੋਂ ਸ਼ੁਰੂ ਕੀਤੇ ਗਏ ਚਿੱਤਰਕਾਰੀ ਕਿਤਾਬਚੇ ਰਾਹੀਂ ਸਮਾਜ ਅੰਦਰ ਇਹ ਸੰਦੇਸ਼ ਫੈਲਾਏਗਾ ਕਿ ਇਤਿਹਾਸ ਤਾਂ ਹੀ ਜ਼ਿੰਦਾ ਰੱਖਿਆ ਜਾ ਸਕਦਾ ਹੈ ਜੇਕਰ ਅਸੀਂ ਅਜਿਹੀਆਂ ਇਤਿਹਾਸਕ ਸਮਾਰਕਾਂ ਨੂੰ ਸੰਭਾਲ ਕੇ ਰੱਖਾਂਗੇ, ਜੋ ਇੱਕ ਪੀੜ੍ਹੀ ਨੂੰ ਦੂਜੀ ਪੀੜ੍ਹੀ ਨਾਲ ਜੋੜਨਗੀਆਂ। ਸ਼ਹੀਦ ਭਗਤ ਸਿੰਘ ਅਜਾਇਬ ਘਰ ਖਟਕੜ ਕਲਾਂ ਜੋ ਪੰਜਾਬ ਦੀ ਅਮੀਰ ਵਿਰਾਸਤ ਨੂੰ ਦਰਸਾਉਂਦਾ ਹੈ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਇਸ ਮਿਊਜ਼ੀਅਮ ਨੂੰ ਦੇਖਣ ਲਈ ਪ੍ਰੇਰਿਤ ਕਰੇਗਾ ਤਾਂ ਜੋ ਦੇਸ਼ ਭਗਤੀ ਦਾ ਜਜ਼ਬਾ ਉਨ੍ਹਾਂ ਦੇ ਮਨਾਂ ਵਿੱਚ ਵਸੇ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਇਤਿਹਾਸਕ ਦੌਰ ਦੀ ਯਾਦ ਦਿਵਾਉਂਦਾ ਰਹੇ। ਉਨ੍ਹਾਂ ਨੂੰ ਸਾਡੀ ਮਾਤ ਭੂਮੀ ਲਈ ਇਸ ਮਹਾਨ ਸ਼ਹੀਦ ਦੀ ਮਹਾਨ ਕੁਰਬਾਨੀ ਦੇ ਪਿੱਛੇ ਦਾ ਇਤਿਹਾਸ ਦੱਸੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਇਸ ਸਮਾਗਮ ਦੌਰਾਨ ਹਾਜ਼ਰ ਮਹਿਮਾਨਾਂ ਨੂੰ ਤਸਵੀਰ ਵਾਲਾ ਬਰੋਸ਼ਰ ਵੰਡਿਆ ਅਤੇ ਦਰਸ਼ਕਾਂ ਲਈ ਅਜਾਇਬ ਘਰ ਵਿੱਚ ਵੀ ਰੱਖਿਆ।

# ਬਿੱਕਰ ਕਾਂਡ ਨੂੰ 4 ਸਾਲ ਬੀਤ ਚੁੱਕੇ ਹਨ, ਸ਼ਹੀਦਾਂ ਦੇ ਆਸ਼ਰਿਤਾਂ ਨੂੰ ਅੱਜ ਤੱਕ ਨੌਕਰੀਆਂ ਨਹੀਂ ਮਿਲੀਆਂ

ਕਾਨਪੁਰ (ਸੁਨੀਲ ਬਾਜਪਾਈ) 2 ਜੁਲਾਈ ਤੋਂ ਦੇਸ਼ ਅਤੇ ਦੁਨੀਆ ਤੇ ਹਾਵੀ ਹੋਏ ਬਿਕਾਰੂ ਕਾਂਡ ਨੂੰ ਅੱਜ 4 ਸਾਲ ਪੂਰੇ ਹੋ ਗਏ ਹਨ। ਬਿਕਰੂ ਕਾਂਡ ਨੇ ਉੱਤਰ ਪ੍ਰਦੇਸ਼ ਹੀ ਨਹੀਂ ਪੂਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਸੀ। ਬਿਕਾਰੂ ਕਾਂਡ ਦੇ 4 ਸਾਲ ਪੂਰੇ ਹੋਣ ਦੇ ਸੰਦਰਭ ਵਿੱਚ ਇਹ ਵੀ ਦੱਸਣਯੋਗ ਹੈ ਕਿ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਸ਼ਹੀਦਾਂ ਦੇ ਚਹੇਤਿਆਂ ਨੂੰ ਨੌਕਰੀਆਂ ਦੇ ਰੂਪ ਵਿੱਚ ਅੱਜ ਤੱਕ ਇਨਸਾਫ਼ ਨਹੀਂ ਮਿਲਿਆ। ਸ਼ਹੀਦ ਪੁਲਿਸ ਮੁਲਾਜ਼ਮਾਂ ਦੇ ਕਈ ਆਸ਼ਰਿਤ ਅਜੇ ਵੀ ਨੌਕਰੀਆਂ ਦੀ ਤਲਾਸ਼ ਵਿੱਚ ਹਨ।

ਦੱਸ ਦਈਏ ਕਿ 2 ਜੁਲਾਈ 2020 ਨੂੰ ਚੌਬੇਪੁਰ ਥਾਣਾ ਖੇਤਰ ਦੇ ਪਿੰਡ ਬਿਕਾਰੂ ਚ ਛਾਪੇਮਾਰੀ ਕਰਨ ਗਈ ਪੁਲਸ ਤੇ ਇਕ ਗੈਂਗਸਟਰ ਨੇ ਮੁਕਾਬਲੇ ਚ ਮਾਰ ਦਿੱਤਾ ਸੀ। ਘਰ ਤੇ ਛਾਪੇਮਾਰੀ ਤੋਂ ਪਹਿਲਾਂ ਹੀ ਵਿਕਾਸ ਦੂਬੇ ਦੇ ਗੈਂਗ ਨੇ ਡਿਪਟੀ ਐਸਪੀ ਸਮੇਤ 8 ਪੁਲਸ ਮੁਲਾਜ਼ਮਾਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਇਸ ਵਿੱਚ ਤਤਕਾਲੀ ਸੀਓ ਬਿਲਹੌਰ ਦੇਵੇਂਦਰ ਮਿਸ਼ਰਾ, ਸ਼ਿਵਰਾਜਪੁਰ ਦੇ ਐਸਓ ਮਹੇਸ਼ ਯਾਦਵ, ਮੰਧਾਨਾ ਚੌਕੀ ਇੰਚਾਰਜ ਅਨੂਪ ਕੁਮਾਰ ਸਿੰਘ, ਐਸਆਈ ਨੇਬੂ ਲਾਲ, ਕਾਂਸਟੇਬਲ ਜਤਿੰਦਰ ਪਾਲ, ਸੁਲਤਾਨ ਸਿੰਘ, ਰਾਹੁਲ ਕੁਮਾਰ, ਬਬਲੂ ਕੁਮਾਰ ਸ਼ਹੀਦ ਹੋ ਗਏ ਸਨ।

ਬਿਕਾਰੂ ਕਾਂਡ ਤੋਂ ਬਾਅਦ ਦਿੱਤੇ ਭਰੋਸੇ ਅਨੁਸਾਰ ਸ਼ਹੀਦ ਡਿਪਟੀ ਐਸਪੀ ਦੇਵੇਂਦਰ




ਮਿਸ਼ਰਾ ਦੀ ਬੇਟੀ ਵੈਸ਼ਨਵੀ ਮਿਸ਼ਰਾ ਨੂੰ ਪੁਲਿਸ ਵਿਭਾਗ ਵਿੱਚ ਓਐਸਡੀ ਦਾ ਅਹੁਦਾ, ਸ਼ਹੀਦ ਬਬਲੂ ਕੁਮਾਰ ਦੇ ਭਰਾ ਉਮੇਸ਼ ਨੂੰ ਕਾਂਸਟੇਬਲ, ਸ਼ਹੀਦ ਅਨੂਪ ਦੀ ਪਤਨੀ ਨੀਤੂ ਅਤੇ ਕਾਂਸਟੇਬਲ ਰਾਹੁਲ ਨੂੰ ਕਾਂਸਟੇਬਲ ਦਾ ਅਹੁਦਾ ਦਿੱਤਾ ਗਿਆ ਹੈ। ਪਤਨੀ ਦਿਵਿਆ ਬੀਕਾਰੂ ਕਾਂਡ ਦੇ ਚਾਰ ਸਾਲ ਬਾਅਦ ਵੀ ਮੁਕਾਬਲੇ ਵਿੱਚ ਮਾਰੇ ਗਏ ਕਾਂਸਟੇਬਲ ਸੁਲਤਾਨ ਸਿੰਘ, ਜਤਿੰਦਰ ਪਾਲ, ਇੰਸਪੈਕਟਰ ਮਹੇਸ਼ ਯਾਦਵ ਅਤੇ ਕਾਂਸਟੇਬਲ ਨੇਬੂ ਲਾਲ ਦੇ ਆਸ਼ਰਿਤਾਂ ਨੂੰ ਅੱਜ ਤੱਕ ਨੌਕਰੀ ਨਹੀਂ ਮਿਲੀ। ਸਰਕਾਰ ਨੇ ਇੰਸਪੈਕਟਰ ਦੇ ਅਹੁਦੇ ਲਈ ਉਨ੍ਹਾਂ ਲਈ ਟੈਸਟ ਅਤੇ ਫਿਜ਼ੀਕਲ ਪਾਸ ਕਰਨ ਦੀ ਸ਼ਰਤ ਰੱਖੀ ਹੈ। ਇਸ ਕਾਰਨ ਇਹ ਸਾਰੇ ਹੀ ਨੌਕਰੀ ਨਾ ਮਿਲਣ ਕਾਰਨ ਬਹੁਤ ਨਿਰਾਸ਼, ਨਿਰਾਸ਼ ਅਤੇ ਪਰੇਸ਼ਾਨ ਹਨ।

ਜਿੱਥੋਂ ਤੱਕ ਇਸ ਮਾਮਲੇ ਵਿੱਚ ਕਾਨੂੰਨੀ ਕਾਰਵਾਈ ਦਾ ਸਬੰਧ ਹੈ। ਪੁਲੀਸ ਵੱਲੋਂ ਢਿੱਲੀ ਵਕਾਲਤ ਕਾਰਨ ਬਿੱਕਰ ਕਾਂਡ ਨਾਲ ਸਬੰਧਤ ਕੇਸ ਘਟਾਏ ਜਾ ਰਹੇ ਹਨ। ਇਸ ਮਾਮਲੇ ਦੀ ਫਾਸਟ ਟਰੈਕ ਅਦਾਲਤ ਵਿੱਚ ਸੁਣਵਾਈ ਨਹੀਂ ਹੋ ਰਹੀ ਹੈ। ਖਾਸ ਗੱਲ ਇਹ ਹੈ ਕਿ ਚਾਰ ਸਾਲ ਬੀਤ ਜਾਣ ਤੋਂ ਬਾਅਦ ਵੀ

# ਰੂਪੀ ਗਿੱਲ ਜੋ ਬੀਬੀ ਰਜਨੀ ਜੀ ਦਾ ਕਿਰਦਾਰ ਨਿਭਾ ਰਹੀ ਹੈ, ਟੀਜ਼ਰ ਰਿਲੀਜ਼ ਤੋਂ ਪਹਿਲਾਂ ਗੁਰਦੁਆਰਾ ਸਿੰਘ ਸ਼ਹੀਦਾਂ ਨਤਮਸਤਕ ਹੋਏ, ਇਹ ਫਿਲਮ 30 ਅਗਸਤ 2024 ਨੂੰ ਸਿਨੇਮਾ ਘਰਾਂ ਦੇ ਵਿੱਚ ਰਿਲੀਜ਼ ਹੋਵੇਗੀ!!




(ਲੋਕ ਬਾਣੀ) ਪੰਜਾਬੀ ਧਾਰਮਿਕ ਫਿਲਮ ਬੀਬੀ ਰਜਨੀ ਦੀ ਸਟਾਰ ਕਾਸਟ ਨੇ ਟੀਜ਼ਰ ਰਿਲੀਜ਼ ਕਰਨ ਤੋਂ ਪਹਿਲਾਂ ਗੁਰਦੁਆਰਾ ਸਿੰਘ ਸ਼ਹੀਦਾਂ ਮੱਥਾ ਟੇਕਿਆ। ਸਮਾਗਮ ਦੀ ਮੁੱਖ ਅਦਾਕਾਰਾ ਰੂਪੀ ਗਿੱਲ ਅਤੇ ਨਿਰਮਾਤਾ ਗੁਰਕਰਨ ਧਾਲੀਵਾਲ ਨੇ ਸ਼ਿਰਕਤ ਕੀਤੀ।

MAD 4 ਫਿਲਮਜ਼ ਅਤੇ ਪੰਜਾਬ ਫਿਲਮ ਸਿਟੀ ਦੇ ਬੈਨਰ ਹੇਠ ®1" ਫਿਲਮਜ਼ ਪ੍ਰੋਡਕਸ਼ਨ ਦੇ ਸਹਿਯੋਗ ਨਾਲ ਪੇਸ਼ ਕੀਤੀ ਗਈ, ਬੀਬੀ ਰਜਨੀ ਵਿੱਚ ਰੂਪੀ ਗਿੱਲ, ਯੋਗਰਾਜ ਸਿੰਘ, ਗੁਰਪ੍ਰੀਤ ਘੁੱਗੀ, ਜੱਸ ਬਾਜਵਾ, ਜਰਨੈਲ ਸਿੰਘ, ਅਤੇ ਬੀ.ਐਨ. ਸ਼ਰਮਾ। ਅਮਰ ਹੁੰਦਲ ਦੁਆਰਾ ਨਿਰਦੇਸ਼ਤ ਅਤੇ ਪਿੰਕੀ ਧਾਲੀਵਾਲ, ਗੁਰਕਰਨ ਧਾਲੀਵਾਲ ਅਤੇ ਨਿਤਿਨ ਤਲਵਾਰ ਦੁਆਰਾ ਨਿਰਮਿਤ, ਇਹ ਫਿਲਮ ਬੀਬੀ ਰਜਨੀ ਦੀ ਅਣਕਹੀ ਕਹਾਣੀ ਵਿੱਚ ਪਰਮਾਤਮਾ ਤੇ ਵਿਸ਼ਵਾਸ ਦੇ ਵਿਸ਼ਿਆਂ ਨੂੰ ਦਰਸਾਉਂਦੀ ਹੈ।

ਟੀਮ ਦੀ ਗੁਰਦੁਆਰੇ ਦੀ ਫੇਰੀ ਨੇ ਵਿਸ਼ਵਾਸ ਦੀ ਮਹੱਤਤਾ ਨੂੰ ਉਜਾਗਰ ਕੀਤਾ ਅਤੇ ਫਿਲਮ ਦੇ ਭਗਤੀ ਤੱਤ ਨੂੰ ਰੇਖਾਂਕਿਤ ਕਰਦੇ ਹੋਏ ਅਧਿਆਤਮਿਕ ਅਨੁਭਵ ਸਾਂਝੇ ਕੀਤੇ।

# ਐਲਪੀਜੀਆਈ ਸਾਹਿਤ ਐਸੋਸਿਏਸ਼ਨ ਵੱਲੋਂ 117ਵਾਂ ਅੰਤਰਰਾਸ਼ਟਰੀ ਕਵੀ ਸੰਮੇਲਨ ਕਰਵਾਇਆ ਗਿਆ

ਅਮੁਲਿਆ, ਚੰਡੀਗੜ੍ਹ (ਲੋਕ ਬਾਣੀ) ਐਲ.ਪੀ.ਜੀ.ਆਈ. ਸਾਹਿਤ ਸਭਾ (ਰਜਿ.) ਵੱਲੋਂ 'ਕਵਿਤਾ ਵਿੱਚ ਕਹਾਣੀ' ਵਿਸ਼ੇ 'ਤੇ ਅੰਤਰਰਾਸ਼ਟਰੀ ਕਵੀ ਸੰਮੇਲਨ ਕਰਵਾਇਆ ਗਿਆ। ਇਹ ਐਲ.ਪੀ.ਜੀ.ਆਈ117ਵੇਂ ਜੀ.ਜੀ.ਐਮ. (ਗਲੋਬਲ ਗੈਦਰਿੰਗ ਮੀਟ)। ਪੰਜਾਬੀ ਸਾਹਿਤ ਦੇ ਪ੍ਰਸਿੱਧ ਮਿੰਨੀ ਕਹਾਣੀਕਾਰ ਡਾ: ਗੁਰਵਿੰਦਰ ਸਿੰਘ ਅਮਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਉਸਨੇ ਐਲ.ਪੀ.ਜੀ.ਆਈ. ਸਾਹਿਤ ਸਭਾ ਨੇ ਅਸ਼ੀਸ਼ ਅਤੇ ਯੋਗਿਤਾ ਦੇ ਸਾਹਿਤ ਅਤੇ ਹਿੰਦੀ ਪ੍ਰਤੀ ਪਿਆਰ ਅਤੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਸਾਰੇ ਕਵੀਆਂ ਦੀ ਹੌਸਲਾ ਅਫਜ਼ਾਈ ਕੀਤੀ। ਸੀਨੀਅਰ ਅਤੇ ਪ੍ਰਸਿੱਧ ਕਵੀ ਪ੍ਰੇਮ ਵਿਜ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਸਾਰੇ ਕਵੀਆਂ ਦੀ ਸ਼ਲਾਘਾ ਕੀਤੀ ਅਤੇ ਵਿਸ਼ਵ ਭਰ ਦੇ ਕਵੀਆਂ ਨੂੰ ਇਕਜੁੱਟ ਕਰਨ ਲਈ ਐਲਪੀਜੀਆਈਐਸਏ ਦੀ ਪ੍ਰਸ਼ੰਸਾ ਕੀਤੀ। ਪ੍ਰਸਿੱਧ ਸ਼ਾਇਰ ਵਿਨੋਦ ਸ਼ਰਮਾ ਵਿਸ਼ੇਸ਼ ਮਹਿਮਾਨ ਸਨ। ਉਨ੍ਹਾਂ ਸਾਰਿਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਕਵੀਆਂ ਦੀ ਹੌਸਲਾ ਅਫਜ਼ਾਈ ਕੀਤੀ। ਐਲ.ਪੀ.ਜੀ.ਆਈ.ਐਸ.ਏ ਪਾਇਨੀਅਰ ਅਤੇ ਗਲੋਬਲ ਚੇਅਰਮੈਨ ਸਲਾਹਕਾਰ ਪ੍ਰੋ. ਹਰਿੰਦਰ ਕੁਮਾਰ ਸ਼ਰਮਾ ਨੇ ਅਸ਼ੀਰਵਾਦ ਦਿੱਤਾ। ਉਹ ਇੱਕ ਸੀਨੀਅਰ ਮਿੰਨੀ ਕਹਾਣੀਕਾਰ ਹੈ। ਐਲ.ਪੀ.ਜੀ.ਆਈ. ਸਾਹਿਤ ਐਸੋਸੀਏਸ਼ਨ (ਰਜਿ.) ਦੇ ਸੰਸਥਾਪਕ ਅਤੇ ਗਲੋਬਲ ਚੇਅਰਮੈਨ ਅਸ਼ੀਸ਼ ਸ਼ਰਮਾ ਨੇ ਸਾਰਿਆਂ ਨੂੰ ਜੀ ਆਇਆਂ ਕਿਹਾ ਅਤੇ ਸ਼ੁਭਕਾਮਨਾਵਾਂ ਦਿੱਤੀਆਂ।




ਸੰਸਥਾਪਕ ਅਤੇ ਗਲੋਬਲ ਪ੍ਰਧਾਨ ਯੋਗਿਤਾ ਸ਼ਰਮਾ ਨੇ ਵੀ ਸਾਰਿਆਂ ਨੂੰ ਸ਼ੁੱਭਕਾਮਨਾਵਾਂ ਭੇਜੀਆਂ। ਭਾਰਤ ਤੋਂ ਆਈ ਕਵਿੱਤਰੀ ਸੁਨੀਤਾ ਗਰਗ ਨੇ ਪ੍ਰੋਗਰਾਮ ਦਾ ਸੰਚਾਲਨ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ। ਸੁਨੀਤਾ ਮਹਿੰਦਰੂ, ਥਾਈਲੈਂਡ ਤੋਂ ਗਲੋਬਲ ਸਰਟੀਫਿਕੇਟ ਆਪਰੇਟਰ ਦੁਆਰਾ ਇੱਕ ਵਿਸ਼ੇਸ਼ ਬਿਆਨ ਦਿੱਤਾ ਗਿਆ। ਧੰਨਵਾਦ ਦਾ ਮਤਾ ਖੇਤਰੀ ਪ੍ਰਧਾਨ ਸਾਊਥ ਈਸਟ ਏਸ਼ੀਆ ਲੀਨਾ ਸ਼ਾਰਦਾ ਨੇ ਪੇਸ਼ ਕੀਤਾ। ਗਲੋਬਲ ਵਾਈਸ ਪ੍ਰੈਜ਼ੀਡੈਂਟ ਮੀਡੀਆ ਸਪੋਰਟ ਵੈਸ਼ਾਲੀ ਰਸਤੋਗੀ ਵੀ ਇਸ ਮੌਕੇ ਹਾਜ਼ਰ ਹੋਏ। ਗਲੋਬਲ ਵਾਈਸ ਪ੍ਰੈਜ਼ੀਡੈਂਟ ਜੀਜੀਐਮ ਮਾਨੀਟਰਿੰਗ ਮੀਨਾਕਸ਼ੀ ਗੁਪਤਾ ਨੇ ਪਰਦੇ ਦੇ ਪਿੱਛੇ ਸਮਾਗਮ ਨੂੰ ਕੰਟਰੋਲ ਕੀਤਾ।

ਇਸ ਕਾਨਫਰੰਸ ਵਿੱਚ ਦੁਨੀਆਂ ਭਰ ਦੇ ਨਾਮੀ ਕਵੀਆਂ ਨੇ ਸ਼ਿਰਕਤ ਕੀਤੀ। ਇਸ ਸੈਮੀਨਾਰ ਵਿੱਚ ਡਾ: ਗੁਰਵਿੰਦਰ ਅਮਨ, ਪ੍ਰੇਮ ਵਿੱਜ, ਡਾ: ਵਿਨੋਦ ਸ਼ਰਮਾ, ਸੁਨੀਤਾ ਗਰਗ, ਸ਼੍ਰੀ ਕ੍ਰਿਸ਼ਨ ਸ਼ੁਕਲਾ, ਅਵਿਨਾਸ਼ ਵਾਗੜੇ, ਅਤੁਲ ਸ਼ਰਮਾ, ਚੇਤਲੀ ਸਿਨਹਾ (ਭਾਰਤ), ਪ੍ਰੋਫੈਸਰ ਹਰਿੰਦਰ ਸ਼ਰਮਾ, ਅਸ਼ੀਸ਼ ਸ਼ਰਮਾ, ਵੈਸ਼ਾਲੀ ਰਸਤੋਗੀ, ਲੀਨਾ ਸ਼ਾਰਦਾ, ਪ੍ਰਾਚੀ. ਗਰਗ (ਇੰਡੋਨੇਸ਼ੀਆ), ਸੁਮਨ ਜੈਨ, ਉਰਮਿਲਾ ਮਿਸ਼ਰਾ, ਅੰਜਨਾ ਮਜੂਮਦਾਰ (ਆਸਟ੍ਰੇਲੀਆ), ਅਰਾਧਨਾ ਸਦਾਸ਼ਿਵਮ (ਸਿੰਗਾਪੁਰ), ਸੁਨੀਤਾ ਮਹੇਂਦਰੂ (ਥਾਈਲੈਂਡ), ਪਰਵੇਜ਼ ਮੁਜ਼ੱਫਰ, ਕ੍ਰਿਸ਼ਨਾ ਕਨ੍ਹਈਆ (ਯੂ.ਕੇ.) ਅਤੇ ਸ਼ੇਖਰ ਰਾਮਕ੍ਰਿਸ਼ਨ ਤਿਵਾਰੀ (ਯੂ.ਏ.ਈ.) ਨੇ ਆਪਣੀਆਂ ਸ਼ਾਨਦਾਰ ਰਚਨਾਵਾਂ ਪੇਸ਼ ਕੀਤੀਆਂ ਕਾਵਿਕ ਸਪੇਸ. ਪ੍ਰੋਗਰਾਮ ਲਈ ਪੋਸਟਰ ਅਤੇ ਵੀਡੀਓ ਆਸਟ੍ਰੇਲੀਆ ਤੋਂ ਅਭਿਲਕਸ਼ ਸ਼ਰਮਾ ਅਤੇ ਵੇਦਿਕਾ ਗੁਪਤਾ ਵੱਲੋਂ ਤਿਆਰ ਕੀਤੇ ਗਏ ਸਨ। ਇਹ ਸਰਟੀਫਿਕੇਟ ਗਲੋਬਲ ਸਰਟੀਫਿਕੇਟ ਕੋਆਰਡੀਨੇਟਰ ਸੁਨੀਤਾ ਮਹਿੰਦਰੂ ਦੁਆਰਾ ਤਿਆਰ ਕੀਤੇ ਗਏ ਸਨ।

# ਈਸ਼ਾ ਕਲੋਆ ਨੇ ਜ਼ੀ ਪੰਜਾਬੀ ਦੇ ਹੀਰ ਤੇ ਟੇਢੀ ਖੀਰ ਲਈ ਫਿਟਨੈਸ ਅਤੇ ਸ਼ੂਟਿੰਗ ਨੂੰ ਸੰਤੁਲਿਤ ਕੀਤਾ




(ਲੋਕ ਬਾਣੀ) ਜ਼ੀ ਪੰਜਾਬੀ ਦੇ ਪ੍ਰਸਿੱਧ ਸ਼ੋਅ ਹੀਰ ਤੇ ਟੇਢੀ ਖੀਰ ਵਿੱਚ ਹੀਰ ਦੀ ਮੁੱਖ ਭੂਮਿਕਾ ਨਿਭਾ ਰਹੀ ਪ੍ਰਤਿਭਾਸ਼ਾਲੀ ਅਭਿਨੇਤਰੀ ਈਸ਼ਾ ਕਲੋਆ, ਆਪਣੇ ਵਿਅਸਤ ਸ਼ੂਟਿੰਗ ਸ਼ੈਡਿਊਲ ਦੌਰਾਨ ਨਾ ਸਿਰਫ਼ ਆਪਣੀ ਅਦਾਕਾਰੀ ਨਾਲ ਸਗੋਂ ਫਿਟਨੈਸ ਪ੍ਰਤੀ ਆਪਣੀ ਵਚਨਬੱਧਤਾ ਨਾਲ ਵੀ ਦਰਸ਼ਕਾਂ ਨੂੰ ਪ੍ਰਭਾਵਿਤ ਕਰ ਰਹੀ ਹੈ।

ਈਸ਼ਾ ਨੇ ਸ਼ੂਟਿੰਗ ਦੀਆਂ ਮੰਗਾਂ ਦਾ ਪ੍ਰਬੰਧਨ ਕਰਦੇ ਹੋਏ ਆਪਣੀ ਫਿਟਨੈਸ ਨੂੰ ਬਣਾਈ ਰੱਖਣ ਬਾਰੇ ਆਪਣੀ ਸੂਝ ਸਾਂਝੀ ਕੀਤੀ: ਹੀਰ ਦੀ ਭੂਮਿਕਾ ਨਿਭਾਉਣਾ ਇੱਕ ਸੁਪਨਾ ਸਾਕਾਰ ਹੁੰਦਾ ਹੈ, ਪਰ ਇਹ ਆਪਣੀਆਂ ਚੁਣੌਤੀਆਂ ਨਾਲ ਵੀ ਆਉਂਦਾ ਹੈ, ਜਿਸ ਵਿੱਚ ਸੈੱਟ ਤੇ ਲੰਬੇ ਘੰਟੇ ਵੀ ਸ਼ਾਮਲ ਹਨ। ਮੈਂ ਆਪਣਾ ਸਰਵੋਤਮ ਪ੍ਰਦਰਸ਼ਨ ਦੇਣ ਲਈ ਮਾਨਸਿਕ ਅਤੇ ਸਰੀਰਕ ਤੌਰ ਤੇ ਫਿੱਟ ਅਤੇ ਸਿਹਤਮੰਦ ਰਹਿਣ ਦੀ ਮਹੱਤਤਾ ਵਿੱਚ ਵਿਸ਼ਵਾਸ ਕਰਦੀ ਹਾਂ। ਮੈਂ ਆਪਣੇ ਦਿਨ ਦੀ ਸ਼ੁਰੂਆਤ ਤੇਜ਼ ਕਸਰਤ ਸੈਸ਼ਨ ਨਾਲ ਕਰਦਾ ਹਾਂ, ਭਾਵੇਂ ਸਿਰਫ਼ 20 ਮਿੰਟ ਯੋਗਾ ਜਾਂ ਦੌੜ ਲਈ। ਇਹ ਮੈਨੂੰ ਤਾਕਤ ਦਿੰਦਾ ਹੈ ਅਤੇ ਦਿਨ ਲਈ ਇੱਕ ਸਕਾਰਾਤਮਕ ਟੋਨ ਸੈੱਟ ਕਰਦਾ ਹੈ।


ਉਹ ਅੱਗੇ ਕਹਿੰਦੀ ਹੈ, ਮੈਂ ਆਪਣੀ ਖੁਰਾਕ ਤੇ ਵੀ ਪੂਰਾ ਧਿਆਨ ਦਿੰਦੀ ਹਾਂ, ਇਹ ਯਕੀਨੀ ਬਣਾਉਣ ਲਈ ਕਿ ਮੈਂ ਦਿਨ ਭਰ ਸੰਤੁਲਿਤ ਭੋਜਨ ਕਰਾਂ। ਸੈੱਟ ਤੇ, ਮੈਂ ਆਪਣੇ ਊਰਜਾ ਦੇ ਪੱਧਰ ਨੂੰ ਉੱਚਾ ਰੱਖਣ ਲਈ ਮੇਵੇ ਅਤੇ ਫਲ ਵਰਗੇ ਸਿਹਤਮੰਦ ਸਨੈਕਸ ਲੈ ਕੇ ਜਾਂਦਾ ਹਾਂ। ਇਹ ਸਭ ਕੁਝ ਸੰਤੁਲਨ ਲੱਭਣ ਅਤੇ ਸਵੈ-ਸੰਭਾਲ ਲਈ ਸਮਾਂ ਕੱਢਣ ਬਾਰੇ ਹੈ, ਭਾਵੇਂ ਸਮਾਂ-ਸਾਰਣੀ ਕਿੰਨੀ ਵੀ ਔਖੀ ਕਿਉਂ ਨਾ ਹੋਵੇ।

ਈਸ਼ਾ ਦਾ ਆਪਣੀ ਫਿਟਨੈਸ ਪ੍ਰਣਾਲੀ ਪ੍ਰਤੀ ਸਮਰਪਣ ਪ੍ਰੇਰਣਾਦਾਇਕ ਹੈ ਅਤੇ ਹੀਰ ਤੇ ਟੇਢੀ ਖੀਰ ਹਰ ਸੋਮ ਤੋਂ ਸ਼ਨੀਵਾਰ ਰਾਤ 9:00 ਵਜੇ ਸਿਰਫ ਜ਼ੀ ਪੰਜਾਬੀ ਤੇ ਹੀਰ ਦੀ ਭੂਮਿਕਾ ਪ੍ਰਤੀ ਉਸਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਐਸਪੀਰੇਸ਼ਨਲ ਜ਼ਿਲ੍ਹਾ/ਬਲਾਕ ਪ੍ਰੋਗਰਾਮ ਤਹਿਤ ਸੰਪੂਰਨਤਾ ਅਭਿਆਨ ਦੀਆਂ ਗਤੀਵਿਧੀਆਂ 4 ਜੁਲਾਈ ਤੋਂ 30 ਸਤੰਬਰ 2024 ਤੱਕ ਚੱਲਣਗੀਆਂ

ਗੁਰਦਾਸਪੁਰ-ਨਵਨੀਤ ਕੁਮਾਰ -

ਨੀਤੀ ਆਯੋਗ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਨੂੰ ਵੱਖ-ਵੱਖ ਖ਼ਾਸ ਖੇਤਰਾਂ ਵਿੱਚ ਅੱਗੇ ਲਿਜਾਣ ਲਈ ਐਸਪੀਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ, ਜਿਸ ਤਹਿਤ ਜ਼ਿਲ੍ਹਾ ਗੁਰਦਾਸਪੁਰ ਨੂੰ ਐਸਪੀਰੇਸ਼ਨਲ ਜ਼ਿਲ੍ਹਾ ਅਤੇ ਡੇਰਾ ਬਾਬਾ ਨਾਨਕ ਨੂੰ ਐਸਪੀਰੇਸ਼ਨਲ ਬਲਾਕ ਘੋਸ਼ਿਤ ਕੀਤਾ ਗਿਆ ਹੈ। ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰੀ ਸਤੀਸ਼ ਕੁਮਾਰ ਨੇ ਦੱਸਿਆ ਕਿ ਐਸਪੀਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ ਸੰਪੂਰਨਤਾ ਅਭਿਆਨ ਤਹਿਤ 4 ਜੁਲਾਈ ਤੋਂ ਲੈ ਕੇ 30 ਸਤੰਬਰ 2024 ਤੱਕ ਚਲਾਇਆ ਜਾ ਰਿਹਾ ਹੈ। ਜਿਹੜੇ 6 ਪਹਿਲੂਆਂ ਦੇ ਟੀਚਿਆਂ ਨੂੰ ਸੌ ਫ਼ੀਸਦੀ ਪੂਰਾ ਕਰਨ ਲਈ ਇਸ ਮੁਹਿੰਮ ਤਹਿਤ ਜ਼ੋਰ ਦਿੱਤਾ ਜਾਵੇਗਾ ਉਨ੍ਹਾਂ ਵਿੱਚ ਸਿਹਤ, ਪੋਸ਼ਣ, ਖੇਤੀਬਾੜੀ, ਸਿੱਖਿਆ, ਸਮਾਜਿਕ ਤਰੱਕੀ ਆਦਿ ਨਾਲ ਸਬੰਧਿਤ ਵੱਖ-ਵੱਖ ਮਹੱਤਵਪੂਰਨ ਕਾਰਜ ਸ਼ਾਮਲ ਹਨ। ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰੀ ਸਤੀਸ਼ ਕੁਮਾਰ ਨੇ ਸੰਪੂਰਨਤਾ ਅਭਿਆਨ ਸੰਮੇਲਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਤੇ ਬਲਾਕ ਪੱਧਰ ਤੇ ਇਸ ਦਾ ਉਦਘਾਟਨੀ ਪ੍ਰੋਗਰਾਮ 4 ਜੁਲਾਈ ਨੂੰ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ (ਲੜਕੀਆਂ) ਡੇਰਾ ਬਾਬਾ ਨਾਨਕ ਅਤੇ 5 ਜੁਲਾਈ ਨੂੰ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ, ਕਲਾਨੌਰ ਵਿਖੇ ਆਯੋਜਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਡੇਰਾ ਬਾਬਾ ਨਾਨਕ ਅਤੇ ਕਲਾਨੌਰ ਵਿਖੇ ਸੰਪੂਰਨਤਾ ਅਭਿਆਨ ਦਾ ਉਦਘਾਟਨ ਸਵੇਰੇ 10:00 ਵਜੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਵਿਸ਼ੇਸ਼ ਸਾਰੰਗਲ ਕਰਨਗੇ। ਇਸ ਤੋਂ ਬਾਅਦ ਸਕੂਲੀ ਵਿਦਿਆਰਥੀਆਂ ਵੱਲੋਂ ਸੰਪੂਰਨਤਾ ਯਾਤਰਾ ਕੱਢੀ ਜਾਵੇਗੀ। ਇਸ ਦੌਰਾਨ ਵਿਦਿਆਰਥੀਆਂ ਦੇ ਰੰਗੋਲੀ ਅਤੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਜਾਣਗੇ। ਸਿਹਤ ਵਿਭਾਗ ਵੱਲੋਂ ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ਮੁਫ਼ਤ ਹੈਲਥ ਕੈਂਪ ਲਗਾਇਆ ਜਾਵੇਗਾ ਅਤੇ ਬਿਮਾਰੀਆਂ ਤੋਂ ਬਚਣ ਲਈ ਜਾਗਰੂਕਤਾ ਪੈਂਫਲਿਟ ਵੰਡੇ ਜਾਣਗੇ। ਹੈਲਥੀ ਫੂਡ ਰੈਸਪੀ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ ਅਤੇ ਡਾਈਟ ਕਾਊਂਸਲਿੰਗ ਕੀਤੀ ਜਾਵੇਗੀ। ਖੇਤੀਬਾੜੀ ਵਿਭਾਗ ਵੱਲੋਂ ਮਿੱਟੀ ਪਰਖ ਦੇ ਸੈਂਪਲ ਲਏ ਜਾਣਗੇ ਅਤੇ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੁਧਾਰ ਬਾਰੇ ਦੱਸਿਆ ਜਾਵੇਗਾ। ਸਵੈ ਸਹਾਇਤਾ ਸਮੂਹਾਂ ਵੱਲੋਂ ਤਿਆਰ ਕੀਤੇ ਸਮਾਨ ਦੀਆਂ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ ਅਤੇ ਉਨ੍ਹਾਂ ਨੂੰ ਆਮਦਨ ਵਧਾਉਣ ਦੇ ਨੁਕਤਿਆਂ ਬਾਰੇ ਦੱਸਿਆ ਜਾਵੇਗਾ। ਜ਼ਿਕਰਯੋਗ ਹੈ ਕਿ ਐਸਪੀਰੇਸ਼ਨਲ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਭਾਰਤ ਸਰਕਾਰ ਦੀ ਇੱਕ ਪਹਿਲਕਦਮੀ ਹੈ, ਜਿਸ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਕਰਨਾ ਹੈ।



# ਆਮ ਲੋਕਾਂ ਦੀ ਸਹੂਲਤ ਲਈ ਡੀ.ਸੀ. ਦਫ਼ਤਰ ਵਿਖੇ ਬਣਾਇਆ ਗਿਆ ਮੁੱਖ ਮੰਤਰੀ ਸਹਾਇਤਾ ਕੇਂਦਰ

ਫ਼ਤਹਿਗੜ੍ਹ ਸਾਹਿਬ, (ਲੋਕ ਬਾਣੀ)

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਮ ਲੋਕਾਂ ਦੀ ਸਹੂਲਤ ਲਈ ਡੀ.ਸੀ. ਦਫ਼ਤਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੁੱਖ ਮੰਤਰੀ ਸਹਾਇਤਾ ਕੇਂਦਰ ਬਣਾਇਆ ਗਿਆ ਹੈ ਤਾਂ ਜ਼ੋ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੁੱਖ ਮੰਤਰੀ ਸਹਾਇਤਾ ਕੇਂਦਰ ਦੀ ਸ਼ੁਰੂਆਤ ਕਰਨ ਮੌਕੇ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਸਹਾਇਤਾ ਕੇਂਦਰ ਤੇ ਕਰਮਚਾਰੀਆਂ ਦੀ ਡਿਊਟੀ ਲਗਾਈ ਗਈ ਹੈ ਜੋ ਕਿ ਡੀ.ਸੀ. ਦਫ਼ਤਰ ਵਿਖੇ ਆਉਣ ਵਾਲੇ ਲੋਕਾਂ ਨੂੰ ਸਹੀ ਜਾਣਕਾਰੀ ਮੁਹੱਈਆ ਕਰਵਾ ਕੇ ਉਨ੍ਹਾਂ ਦਾ ਮਾਰਗ ਦਰਸ਼ਨ ਕਰਨਗੇ ਤਾਂ ਜ਼ੋ ਲੋਕਾਂ ਨੂੰ ਅਧਿਕਾਰੀਆਂ ਨੂੰ ਮਿਲਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਾ ਆਵੇ।

ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਉਨ੍ਹਾਂ ਦੇ ਘਰਾਂ ਨੇੜੇ ਕਰਨ ਦੇ ਮੰਤਵ ਨਾਲ 09 ਜੁਲਾਈ ਤੋਂ ਹਰੇਕ ਹਫਤੇ ਮੰਗਲਵਾਰ ਤੇ ਸ਼ੁਕਰਵਾਰ ਵਾਲੇ ਦਿਨ ਪਿੰਡਾਂ ਦੇ ਕਲਸਟਰ ਬਣਾ ਕੇ ਜਨ ਸੁਵਿਧਾ ਕੈਂਪ ਲਗਾਏ ਜਾਣਗੇ ਤਾਂ ਜ਼ੋ ਲੋਕਾਂ ਨੂੰ ਆਪਣੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਦਫ਼ਤਰਾਂ ਦੇ ਗੇੜੇ ਨਾ ਮਾਰਨੇ ਪੈਣ। ਉਨ੍ਹਾਂ ਹੋਰ ਦੱਸਿਆ ਕਿ ਮੁੱਖ ਮੰਤਰੀ ਦੇ ਆਦੇਸ਼ਾਂ ਅਨੁਸਾਰ ਹਰੇਕ ਹਫਤੇ ਵੀਰਵਾਰ ਵਾਲੇ ਦਿਨ ਸਵੇਰੇ 09:00 ਵਜੇ ਤੋਂ ਦੁਪਿਹਰ 01:30 ਵਜੇ ਤੱਕ ਉਹ ਆਪਣੇ ਦਫ਼ਤਰ ਵਿੱਚ ਬੈਠ ਕੇ ਲੋਕਾਂ ਦੀਆਂ ਸ਼ਿਕਾਇਤਾਂ ਸੁਣਨਗੇ। ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸ਼ਿਕਾਇਤਾਂ ਸਬੰਧੀ ਹਰੇਕ ਵੀਰਵਾਰ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਪਹੁੰਚਣ ਤਾਂ ਜੋ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਹੱਲ ਕੀਤਾ ਜਾ ਸਕੇ।




ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਆਮ ਲੋਕਾਂ ਵੱਲੋਂ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ ਕਰਨ ਨੂੰ ਯਕੀਨੀ ਬਣਾਉਣ ਵਾਸਤੇ ਸਮੂਹ ਅਧਿਕਾਰੀਆਂ ਨੂੰ ਜਵਾਬਦੇਹ ਬਣਾਇਆ ਜਾਵੇਗਾ ਅਤੇ ਸਮੇਂ ਸਿਰ ਸ਼ਿਕਾਇਤਾਂ ਦਾ ਨਿਪਟਾਰਾ ਨਾ ਕਰਨ ਵਾਲੇ ਵਿਭਾਗ ਦੇ ਜ਼ਿਲ੍ਹਾ ਅਧਿਕਾਰੀ ਦੀ ਜਿੰਮੇਵਾਰੀ ਤੈਅ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਸ਼ਿਕਾਇਤ ਦਾ ਰਾਜ ਪੱਧਰ ਤੇ ਨਿਪਟਾਰਾ ਕਰਨਯੋਗ ਹੋਵੇਗਾ ਤਾਂ ਉਹ ਸ਼ਿਕਾਇਤਾਂ ਮੁੱਖ ਮੰਤਰੀ ਪੰਜਾਬ ਨੂੰ ਭੇਜੀਆਂ ਜਾਣਗੀਆਂ। ਉਨ੍ਹਾਂ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਲੋਕਾਂ ਵੱਲੋਂ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ ਕਰਨ ਨੂੰ ਯਕੀਨੀ ਬਣਾਇਆ ਜਾਵੇ।

ਸ਼੍ਰੀਮਤੀ ਸ਼ੇਰਗਿੱਲ ਨੇ ਦੱਸਿਆ ਕਿ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਬਣਾਏ ਗਏ ਮੁੱਖ ਮੰਤਰੀ ਸਹਾਇਤਾ ਕੇਂਦਰ ਦਾ ਇੰਚਾਰਜ ਪੀ.ਸੀ.ਐਸ. ਅਧਿਕਾਰੀ ਹੋਵੇਗਾ ਅਤੇ ਉਸ ਨੂੰ ਲੋੜੀਂਦਾ ਸਟਾਫ ਮੁਹੱਈਆ ਕਰਵਾਇਆ ਜਾਵੇਗਾ ਅਤੇ ਪ੍ਰਾਪਤ ਸ਼ਿਕਾਇਤਾਂ ਦਾ ਮੁਕੰਮਲ ਰਿਕਾਰਡ ਰੱਖਿਆ ਜਾਵੇਗਾ ਅਤੇ ਸ਼ਿਕਾਇਤ ਦਾ ਨਿਪਟਾਰਾ ਕਰਨ ਤੇ ਸਬੰਧਤ ਵਿਅਕਤੀ ਨਾਲ ਫੋਨ ਰਾਹੀਂ ਸੰਪਰਕ ਕਰਕੇ ਸ਼ਿਕਾਇਤ ਦੀ ਮੌਜੂਦਾ ਸਥਿਤੀ ਬਾਰੇ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਗੰਭੀਰਤਾ ਨਾਲ ਕੰਮ ਕਰ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਲੋਕਾਂ ਦੀਆਂ ਸ਼ਿਕਾਇਤਾਂ ਦਾ ਫੌਰੀ ਹੱਲ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ਼੍ਰੀਮਤੀ ਈਸ਼ਾ ਸਿੰਗਲ ਵੀ ਮੌਜੂਦ ਸਨ।

# ਡਿਪਟੀ ਕਮਿਸ਼ਨਰ ਨੇ ਲੋਕ ਸਭਾ ਚੋਣਾਂ ਦੌਰਾਨ ਸ਼ਾਨਦਾਰ ਸੇਵਾਵਾਂ ਦੇਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਨੂੰ ਪ੍ਰਸ਼ੰਸਾ ਪੱਤਰ ਸੌਂਪੇ

ਮਾਲੇਰਕੋਟਲਾ (ਲੋਕ ਬਾਣੀ) ਲੋਕ ਸਭਾ ਚੋਣਾਂ-2024 ਵਿੱਚ ਅਧਿਕਾਰੀਆਂ/ਕਰਮਚਾਰੀਆਂ ਦੇ ਯੋਗਦਾਨ ਨੂੰ ਮਾਨਤਾ ਦਿੰਦਿਆਂ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਅੱਜ ਸਥਾਨਕ ਪੰਜਾਬ ਉਰਦੂ ਅਕਾਦਮੀ ਵਿਖੇ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਕਰੀਬ 90 ਨੋਡਲ ਅਧਿਕਾਰੀਆਂ/ਕਰਮਚਾਰੀਆਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਲਈ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਰਾਜਪਾਲ ਸਿੰਘ,ਸਹਾਇਕ ਕਮਿਸ਼ਨਰ ਸ੍ਰੀ ਹਰਬੰਸ ਸਿੰਘ ,ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਜਸਵਿੰਦਰ ਕੌਰ, ਡੀ.ਆਈ.ਓ ਸ੍ਰੀਮਤੀ ਸ਼ਾਇਨਾ, ਚੋਣ ਤਹਿਸੀਲਦਾਰ ਸ੍ਰੀ ਬ੍ਰਿਜ ਤੋਂ ਇਲਾਵਾ ਹੋਰ ਵੀ ਉਚ ਅਧਿਕਾਰੀ ਹਾਜ਼ਰ ਸਨ।

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਮਾਲੇਰਕੋਟਲਾ ਡਾ ਪੱਲਵੀ ਨੇ ਕਿਹਾ ਕਿ ਕਿਸੇ ਵੀ ਸਾਂਝੇ ਮਹੱਤਵਪੂਰਨ ਕਾਰਜ ਨੂੰ ਪ੍ਰਭਾਵਸ਼ਾਲੀ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ, ਇਸ ਵਿੱਚ ਲੱਗੇ ਹਰ ਇੱਕ ਟੀਮ ਮੈਂਬਰ ਦਾ ਸਹਿਯੋਗ ਬਹੁਤ ਮਹੱਤਵਪੂਰਨ ਅਤੇ ਜ਼ਰੂਰੀ ਹੁੰਦਾ ਹੈ। ਟੀਮ ਮੈਂਬਰਾਂ ਦੇ ਸਾਂਝੇ ਸਹਿਯੋਗ ਸਦਕਾ ਔਖੇ ਤੋਂ ਔਖਾ ਟੀਚਾ ਵੀ ਆਸਾਨੀ ਨਾਲ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਹੋਰ ਕਿਹਾ ਕਿ ਲੋਕ ਸਭਾ ਚੋਣਾਂ 2024 ਦੀ ਸਮੁੱਚੀ ਪ੍ਰੀਕ੍ਰਿਆ ਦਾ ਕੰਮ ਪੂਰੀ ਜ਼ਿੰਮੇਵਾਰੀ,ਤਨਦੇਹੀ ਅਤੇ ਸਮਰਪਣ ਦੀ ਭਾਵਨਾ ਨਾਲ ਨਿਭਾਈ ਡਿਊਟੀ ਸਦਕਾ ਹੀ ਅਮਨ-ਅਮਾਨ, ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਿਆ ਹੈ। ਇਹ ਸਭ ਟੀਮ ਦੇ ਸਾਂਝੇ ਉਪਰਾਲਿਆ ਸਦਕਾ ਸੰਭਵ ਹੋਇਆ ਹੈ।



ਡਿਪਟੀ ਕਮਿਸ਼ਨਰ ਨੇ ਪ੍ਰਸੰਸਾ ਪੱਤਰ ਦੇਣ ਤੋਂ ਪਹਿਲਾਂ ਵੱਖ-ਵੱਖ ਵਿਭਾਗਾਂ ਦੇ ਨੋਡਲ ਅਧਿਕਾਰੀਆਂ/ਕਰਮਚਾਰੀਆਂ ਨਾਲ ਉਨ੍ਹਾਂ ਨੂੰ ਚੋਣ ਡਿਊਟੀ ਦੌਰਾਨ ਪੇਸ਼ ਆਈਆਂ ਮੁਸ਼ਕਲਾਂ ਜਾਂ ਨਵੇਂ ਤਜ਼ਰਬੇ ਵੀ ਸਾਂਝੇ ਕਰਨ ਨੂੰ ਕਿਹਾ। ਚੋਣ ਅਮਲੇ ਨੇ ਕਿਹਾ ਕਿ ਉਨ੍ਹਾਂ ਨੂੰ ਬਿਨ੍ਹਾਂ ਕਿਸੇ ਪ੍ਰਸ਼ਾਸ਼ਨਿਕ ਦਬਾਅ ਦੇ ਕੰਮ ਕਰਨ ਦਾ ਮੌਕਾ ਮਿਲਿਆ ਜਿਹੜਾ ਕਿ ਸਿਰਫ ਜ਼ਿਲ੍ਹਾ ਚੋਣ ਅਫ਼ਸਰ ਦੀ ਉੱਚ ਸੋਚ ਸਦਕਾ ਸੰਭਵ ਹੋਇਆ। ਨੋਡਲ ਅਫ਼ਸਰਾਂ ਨੇ ਡਿਪਟੀ ਕਮਿਸ਼ਨਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਾਰਥਕ/ਦੂਰਅੰਦੇਸ਼ੀ ਸੋਚ ਸਕਦਾ ਉਨ੍ਹਾਂ ਨੂੰ ਚੋਣ ਡਿਊਟੀ ਦੌਰਾਨ ਕਿਸੇ ਵੀ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਈ।

ਲੋਕ ਸਭਾ ਚੋਣਾਂ ਦੌਰਾਨ ਤਨਦੇਹੀ ਅਤੇ ਅਣਥੱਕ ਤਰੀਕੇ ਨਾਲ ਆਪਣੀਆਂ ਡਿਊਟੀਆਂ ਕਰਨ ਵਾਲੇ ਚੋਣ ਅਮਲੇ ਦਾ ਧੰਨਵਾਦ ਕਰਦਿਆ ਅਧਿਕਾਰੀਆਂ ਨੂੰ ਭਵਿੱਖ ਚ ਵੀ ਆਪਣੀ ਜਿੰਮੇਵਾਰੀ ਇਸੇ ਜੋਸ਼ ਅਤੇ ਲਗਨ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਕਿਹਾ ਜ਼ਿਲ੍ਹਾ ਪ੍ਰਸ਼ਾਸ਼ਨ ਨੇ ਵੋਟਰਾਂ ਦੇ ਨਾਲ-ਨਾਲ ਚੋਣ ਡਿਊਟੀ ਵਿੱਚ ਲੱਗੇ ਅਮਲੇ ਨੂੰ ਵੀ ਹਰ ਸੰਭਵ ਸਹੂਲਤ ਮੁਹੱਈਆ ਕਰਵਾਈ ਤਾਂ ਕਿ ਭਵਿੱਖ ਵਿੱਚ ਵੀ ਕਰਮਚਾਰੀ ਚੋਣ ਡਿਊਟੀ ਨੂੰ ਤਨਦੇਹੀ ਨਾਲ ਕਰਨ ਲਈ ਤਤਪਰ ਰਹਿਣ। ਉਨ੍ਹਾਂ ਚੋਣਾਂ ਵਿੱਚ ਸ਼ਾਨਦਾਰ ਸੇਵਾਵਾਂ ਦੇਣ ਵਾਲੇ ਅਮਲੇ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਸ਼ਿਕਾਇਤ ਨਿਵਾਰਨ ਸੈੱਲ ਦੇ ਨੋਡਲ ਅਫ਼ਸਰ ਡਾ. ਪਰਮਜੀਤ ਸਿੰਘ ਢਿੱਲੋਂ ਦੀ ਪ੍ਰਸੰਸਾ ਕਰਦਿਆ ਕਿਹਾ ਇਨ੍ਹਾਂ ਚੋਣਾ ਵਿੱਚ 100 ਫੀਸਦੀ ਸ਼ਿਕਾਇਤਾ ਦਾ ਨਿਵਾਰਨ ਪੰਜਾਬ ਵਿੱਚ ਸਭ ਤੋਂ ਘੱਟ ਔਸਤਨ ਸਮੇਂ 20 ਮਿੰਟ 35 ਸੈਕਿੰਡ ਵਿੱਚ ਕੀਤਾ ਜੋ ਕਿ ਸਲਾਘਾਯੋਗ ਉੱਦਮ ਸਾਬਤ ਹੋਇਆ ਜਦੋ ਕਿ ਸਟੇਟ ਦਾ ਸਮਾਂ 34 ਮਿੰਟ ਰਿਹਾ ਹੈ ਅਤੇ ਜਿਲਾ ਮਾਲੇਰਕੋਟਲਾ ਆਨਲਾਈਨ ਆਈਆਂ ਸਕਾਇਤਾਂ ਦਾ ਨਿਪਟਾਰਾ ਸਭ ਤੋਂ ਘੱਟ ਸਮੇਂ ਵਿੱਚ ਕਰਨ ਲਈ ਪਹਿਲੇ ਸਥਾਨ ਤੇ ਰਿਹਾ।ਇਸੇ ਤਰ੍ਹਾਂ 'ਬੂਥ ਰਾਬਤਾ' ਨਾਮਕ ਇੱਕ ਵਿਸ਼ੇਸ਼ ਵੈਬਸਾਈਟ ਲਾਂਚ ਕਰਕੇ ਜ਼ਿਲ੍ਹੇ ਨੇ ਚੋਣਾਂ ਦੌਰਾਨ ਆਪਣੀ ਵੱਖਰੀ ਪਹਿਲਕਦਮੀ ਦਰਜ ਕਰਵਾਈ। ਜਿਸ ਦਾ ਡਿਜਾਇਨ ਐਸ.ਡੀ.ਐਮ.ਮਾਲੇਰਕੋਟਲਾ ਸ੍ਰੀਮਤੀ ਅਪਰਨਾ ਐਮ.ਬੀ. ਅਤੇ ਐਲ.ਪੀ.ਏ. ਸ਼ਾਖਾ ਦੇ ਕਲਰਕ ਫਿਰੋਜ ਮੁਹੰਮਦ ਵਲੋਂ ਤਿਆਰ ਕੀਤਾ ਗਿਆ ਸੀ। ਡਿਜਾਇਨ ਕਰਨ ਲਈ ਨਿਭਾਈ ਅਹਿਮ ਭੂਮਿਕਾ ਸਦਕਾ ਫਿਰੋਜ ਮੁਹੰਮਦ ਦਾ ਵੀ ਵਿਸ਼ੇਸ ਸਨਮਾਨ ਕੀਤਾ ਗਿਆ। ਚੋਣ ਕਲਰਕ ਸ੍ਰੀ ਮਨਪ੍ਰੀਤ ਸਿੰਘ ਦੀ ਸਲਾਘਾ ਕਰਦਿਆ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਰਮਚਾਰੀ ਦੀ ਚੋਣਾਂ ਦੌਰਾਨ ਬਹੁਤ ਅਹਿਮ ਭੂਮਿਕਾ ਰਹਿ ਹੈ।

ਪ੍ਰਸ਼ੰਸਾ ਪੱਤਰ ਪ੍ਰਾਪਤ ਕਰਨ ਵਾਲੇ ਅਧਿਕਾਰੀਆਂ/ਕਰਮਚਾਰੀਆਂ ਨੇ ਡਿਪਟੀ ਕਮਿਸ਼ਨਰ ਵੱਲੋਂ ਉਨ੍ਹਾਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਲਈ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਦੀ ਵਚਨਬੱਧਤਾ ਦੁਹਰਾਈ।